SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 22* Issue 184** | **Monday, October 02, 2023** | **Tel: 905-793-2202 | Fax: 905-793-2282 | news@punjabipost.ca** | ਤੁਸੀਂ 'ਪੰਜਾਬੀ ਪੋਸਟ' ***Online*** ਰੋਜ਼ਾਨਾ ਪੜ੍ਹ ਸਕਦੇ ਹੋ

## ਫੂਡ ਦੀਆਂ ਕੀਮਤਾਂ ਘਟਾਉਣ ਲਈ ਐਨਡੀਪੀ ਆਗੂ ਨੇ ਸਰਕਾਰ ਤੋਂ ਉਨ੍ਹਾਂ ਦੇ ਬਿੱਲ ਨੂੰ ਅਪਨਾਉਣ ਦੀ ਕੀਤੀ ਮੰਗ



ਓਟਵਾ, 1 ਅਕਤੂਬਰ (ਪੋਸਟ ਬਿਊਰੋ) : ਫੈਡਰਲ ਐਨਡੀਪੀ ਆਗੂ ਜਗਮੀਤ ਸਿੰਘ ਵੱਲੋਂ ਸਰਕਾਰ ਨੂੰ ਅਪੀਲ ਕੀਤੀ ਜਾ ਰਹੀ ਹੈ ਕਿ ਦੇਸ਼ ਭਰ ਵਿੱਚ ਫੂਡ ਦੀਆਂ ਕੀਮਤਾਂ ਘਟਾਉਣ ਲਈ ਉਨ੍ਹਾਂ ਦੀ ਪਾਰਟੀ ਦੇ ਪ੍ਰਸਤਾਵ ਨੂੰ ਅਪਣਾਇਆ ਜਾਵੇ।

ਜਗਮੀਤ ਸਿੰਘ ਨੇ 18 ਸਤੰਬਰ ਨੂੰ ਹਾਊਸ ਆਫ ਕਾਮਨਜ਼ ਵਿੱਚ ਲੋਅਰਿੰਗ ਪ੍ਰਾਈਸਿਜ਼ ਫੌਰ ਕੈਨੇਡੀਅਨਜ਼ ਐਕਟ ਪੇਸ਼ ਕੀਤਾ ਸੀ। ਇਸ ਵਿੱਚ ਕੁੱਝ ਐਂਟੀ ਕੰਪੀਟੀਟਿਵ ਐਕਟਸ ਵਾਲਿਆਂ ਨੂੰ ਜੁਰਮਾਨੇ ਲਾਉਣ ਲਈ ਕੰਪੀਟੀਸ਼ਨ ਬਿਊਰੋ ਨੂੰ ਵਧੇਰੇ ਸ਼ਕਤੀਆਂ ਦੇਣ ਦੀ ਮੰਗ ਕੀਤੇ ਜਾਣ ਦੇ ਨਾਲ ਨਾਲ ਕੀਮਤਾਂ ਫਿਕਸ ਕਰਨ ਦੀ ਗੱਲ ਵੀ ਆਖੀ ਗਈ ਸੀ।ਐਤਵਾਰ ਨੂੰ ਜਗਮੀਤ ਸਿੰਘ ਤੇ ਸਕੀਨਾ-ਬਲਕਲੇਅ ਵੈਲੀ ਤੋਂ ਐਮਪੀ ਟੇਲਰ ਬੈਖਰੈਕ ਨੇ ਟੈਰੇਸ, ਬੀਸੀ ਵਿੱਚ ਇਸ ਬਿੱਲ ਬਾਰੇ ਗੱਲਬਾਤ ਕਰਨ ਲਈ ਨਿਊਜ਼ ਕਾਨਫਰੰਸ ਵੀ ਸੱਦੀ। ਉਨ੍ਹਾਂ ਆਖਿਆ ਕਿ ਇਸ ਬਿੱਲ ਦੇ ਲਾਗੂ ਹੋਣ ਉਪਰੰਤ ਆਪਣੀਆਂ ਮਨਮਰਜ਼ੀਆਂ ਕਰਨ ਵਾਲੀਆਂ ਵੱਡੀਆਂ ਗਰੌਸਰੀ ਚੇਨਜ਼ ਦੀਆਂ ਸਾਰੀਆਂ ਚੋਰ ਮਰੀਆਂ ਬੰਦ ਹੋ ਜਾਣਗੀਆਂ।

ਨਿਊਜ਼ ਰਲੀਜ਼ ਵਿੱਚ ਜਗਮੀਤ ਸਿੰਘ ਨੇ ਆਖਿਆ ਕਿ ਲੱਗਭਗ ਦੋ ਸਾਲ ਤੱਕ ਲਿਬਰਲ ਸਰਕਾਰ ਤਮਾਸ਼ਬੀਨ ਬਣਕੇ ਚੁੱਪਚਾਪ ਤਮਾਸ਼ਾ ਦੇਖਦੀ ਰਹੀ ਹੈ ਜਦਕਿ ਗਰੌਸਰੀ ਸੀਈਓਜ਼ ਵੱਲੋਂ ਕੰਮਕਾਜੀ ਪਰਿਵਾਰਾਂ ਦੇ ਸਿਰ ਉੱਤੇ ਰਿਕਾਰਡ ਤੋੜ ਮੁਨਾਫੇ ਕਮਾਏ ਗਏ। ਹਕੀਕਤ ਇਹ ਹੈ ਕਿ ਟਰੂਡੋ ਨੇ ਉਸ ਸਮੇਂ ਇਨ੍ਹਾਂ ਗੱਲਾਂ ਵੱਲ ਧਿਆਨ ਦੇਣਾ ਸ਼ੁਰੂ ਕੀਤਾ ਜਦੋਂ ਉਸ ਦਾ ਗ੍ਰਾਫ ਹੇਠਾਂ ਡਿੱਗਣਾ ਸ਼ੁਰੂ ਹੋਇਆ। ਜੇ ਉਹ ਅਜੇ ਵੀ ਇਸ ਮਾਮਲੇ ਪ੍ਰਤੀ ਸੰਜੀਦਾ ਹੈ ਤਾਂ ਉਹ ਆਪਣੇ ਬਿੱਲ ਵਿੱਚ ਐਨਡੀਪੀ ਦੀਆਂ ਦਮਦਾਰ ਤਬਦੀਲੀਆਂ ਨੂੰ ਜ਼ਰੂਰ ਸ਼ਾਮਲ ਕਰਨਗੇ। ਜਿਸ ਨਾਲ ਲਾਲਚੀ ਕਾਰਪੋਰੇਸ਼ਨਾਂ ਦੀ ਨਕੇਲ ਕੱਸੀ ਜਾ ਸਕੇਗੀ ਤੇ ਫੂਡ ਦੀਆਂ ਕੀਮਤਾਂ ਘੱਟ ਹੋਣਗੀਆਂ।

## ਸਟਰੀਟ ਪਾਰਟੀਜ਼ ਕਰ ਰਹੇ 5 ਗ੍ਰਿਫਤਾਰ, 2 ਨੂੰ ਭੇਜਣਾ ਪਿਆ ਹਸਪਤਾਲ



ਹੈਮਿਲਟਨ, 1 ਅਕਤੂਬਰ (ਪੋਸਟ ਬਿਊਰੋ) : ਗੈਰਮੰਜ਼ੂਰਸ਼ੁਦਾ ਸਟਰੀਟ ਪਾਰਟੀਜ਼ ਦੀ ਲੜੀ ਤਹਿਤ ਸ਼ਨਿੱਚਰਵਾਰ ਨੂੰ ਪੁਲਿਸ ਨੇ ਹੈਮਿਲਟਨ ਤੋਂ ਪੰਜ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ। ਇਨ੍ਹਾਂ ਪਾਰਟੀਜ਼ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ।

ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ 49 ਕਾਲਜ਼ ਇਹ ਦੱਸਣ ਲਈ ਆਈਆਂ ਕਿ ਮੈਕਮਾਸਟਰ ਯੂਨੀਵਰਸਿਟੀ ਕੈਂਪਸ ਨੇੜੇ ਸਟਰੀਟ ਪਾਰਟੀਆਂ ਕੀਤੀਆਂ ਜਾ ਰਹੀਆਂ ਹਨ।ਇੱਕ ਅੰਦਾਜ਼ੇ ਅਨੁਸਾਰ ਪਾਰਟੀਜ਼ ਦੌਰਾਨ 8000 ਤੋਂ 9000 ਤੱਕ ਲੋਕਾਂ ਨੇ ਸ਼ਮੂਲੀਅਤ ਕੀਤੀ। ਅਧਿਕਾਰੀਆਂ ਨੇ ਦੱਸਿਆ ਕਿ ਇਨ੍ਹਾਂ ਇੱਕਠਾਂ ਦੌਰਾਨ 10 ਵਾਰੀ ਪੈਰਾਮੈਡਿਕਸ ਨੂੰ ਸੱਦਿਆ ਗਿਆ ਤੇ ਦੋ ਵਿਅਕਤੀਆਂ ਨੂੰ ਵੱਧ ਨਸ਼ਾ ਕਰਨ ਕਾਰਨ ਹਸਪਤਾਲ ਲਿਜਾਇਆ ਗਿਆ।

ਇਨ੍ਹਾਂ ਗ੍ਰਿਫਤਾਰੀਆਂ ਤੋਂ ਇਲਾਵਾ ਪੁਲਿਸ ਨੇ ਆਖਿਆ ਕਿ ਉਨ੍ਹਾਂ ਵੱਲੋਂ 10 ਪ੍ਰੋਵਿੰਸ਼ੀਅਲ ਅਫੈਂਸ ਨੋਟਿਸਿਜ਼ ਵੀ ਜਾਰੀ ਕੀਤੇ ਗਏ। ਪਾਰਟੀ ਬਾਇਲਾਅ ਨੂੰ ਤੋੜਨ ਲਈ ਪੰਜ ਵਿਅਕਤੀਆਂ ਨੂੰ ਚਾਰਜ ਕੀਤਾ ਗਿਆ। ਇਨ੍ਹਾਂ ਸਟਰੀਟ ਪਾਰਟੀਜ਼ ਕਾਰਨ ਆਮ ਜਨਤਾ ਨੂੰ ਹੋ ਰਹੀ ਤਕਲੀਫ ਨੂੰ ਵੇਖਦਿਆਂ ਇਹ ਪਾਰਟੀਆਂ ਖ਼ਤਮ ਕਰਵਾਈਆਂ ਗਈਆਂ।

## ਹਥਿਆਰਬੰਦ ਡਾਕਾ ਮਾਰਨ ਵਾਲੇ ਦੋ ਮਸ਼ਕੂਕਾਂ ਦੀ ਭਾਲ ਕਰ ਰਹੀ ਹੈ ਪੁਲਿਸ



ਮਿਸੀਸਾਗਾ, 1 ਅਕਤੂਬਰ (ਪੋਸਟ ਬਿਊਰੋ) : ਮਿਸੀਸਾਗਾ ਵਿੱਚ ਡਿਕਸੀ ਆਊਟਲੈਟ ਮਾਲ ਵਿੱਚ ਹਥਿਆਰਬੰਦ ਡਾਕੇ ਨੂੰ ਅੰਜਾਮ ਦੇਣ ਵਾਲੇ ਦੋ ਮਸ਼ਕੂਕਾਂ ਦੀ ਪੀਲ ਰੀਜਨਲ ਪੁਲਿਸ ਵੱਲੋਂ ਭਾਲ ਕੀਤੀ ਜਾ ਰਹੀ ਹੈ।

ਇਹ ਡਾਕਾ ਐਤਵਾਰ ਨੂੰ ਮਾਲ ਦੇ ਅੰਦਰ ਸਥਿਤ ਟੈਲੀਕਮਿਊਨਿਕੇਸ਼ਨਜ਼ ਸਟੋਰ ਉੱਤੇ ਦੁਪਹਿਰੇ 1:30 ਵਜੇ ਮਾਰਿਆ ਗਿਆ। ਪੁਲਿਸ ਨੇ ਦੱਸਿਆ ਕਿ ਦੋ ਮਸ਼ਕੂਕ, ਜਿਹੜੇ ਆਪਣੇ 20ਵਿਆਂ ਵਿੱਚ ਸਨ, ਇਸ ਸਟੋਰ ਤੋਂ ਸਮਾਨ ਤੇ ਪੈਸੇ ਲੁੱਟ ਕੇ ਫਰਾਰ ਹੋ ਗਏ। ਸਟੋਰ ਦੇ ਅੰਦਰ ਮੌਜੂਦ ਕਿਸੇ ਵੀ ਵਿਅਕਤੀ ਨੂੰ ਕੋਈ ਸੱਟ ਫੇਟ ਨਹੀਂ ਲੱਗੀ ਹੈ। ਮਸ਼ਕੂਕਾਂ ਨੇ ਕਾਲੇ ਰੰਗ ਦੇ ਕੱਪੜੇ ਪਾਏ ਹੋਏ ਸੀ ਤੇ ਘਟਨਾ ਸਮੇਂ ਮੈਡੀਕਲ ਮਾਸਕ ਵੀ ਲਾਏ ਹੋਏ ਸਨ। ਇਸ ਸਬੰਧ ਵਿੱਚ ਜਾਣਕਾਰੀ ਰੱਖਣ ਵਾਲਿਆਂ ਨੂੰ ਪੁਲਿਸ ਨਾਲ ਸੰਪਰਕ ਕਰਨ ਲਈ ਆਖਿਆ ਗਿਆ ਹੈ।

## ਤੁਰਕੀ ਵਿਚ ਆਤਮਘਾਤੀ ਹਮਲਾਵਰ ਨੇ ਕੀਤਾ ਧਮਾਕਾ, ਦੋ ਪੁਲਸ ਅਧਿਕਾਰੀ ਜ਼ਖ਼ਮੀ



ਅੰਕਾਰਾ, 1 ਅਕਤੂਬਰ (ਪੋਸਟ ਬਿਊਰੋ): ਤੁਰਕੀ ਦੇ ਗ੍ਰਹਿ ਮੰਤਰੀ ਅਲੀ ਯੇਰਲੀਕਾਯਾ ਨੇ ਦੱਸਿਆ ਕਿ ਇੱਕ ਆਤਮਘਾਤੀ ਹਮਲਾਵਰ ਨੇ ਐਤਵਾਰ ਨੂੰ ਉਨ੍ਹਾਂ ਦੇ ਮੰਤਰਾਲੇ ਨੇੜੇ ਇੱਕ ਵਿਸਫੋਟਕ ਯੰਤਰ ਵਿੱਚ ਧਮਾਕਾ ਕੀਤਾ, ਜਦੋਂ ਕਿ ਇੱਕ ਦੂਜੇ ਹਮਲਾਵਰ ਨੂੰ ਪੁਲਸ ਨੇ ਮੁਕਾਬਲੇ ਵਿੱਚ ਮਾਰ ਦਿੱਤਾ। ਯੇਰਲਿਕਾਯਾ ਨੇ ਕਿਹਾ ਕਿ ਰਾਜਧਾਨੀ ਅੰਕਾਰਾ ਵਿੱਚ ਹੋਏ ਹਮਲੇ ਦੌਰਾਨ ਦੋ ਪੁਲਸ ਅਧਿਕਾਰੀ ਮਾਮੂਲੀ ਜ਼ਖਮੀ ਹੋਏ ਹਨ।

ਤੁਰਕੀ 'ਚ ਗਰਮੀਆਂ ਦੀਆਂ ਛੁੱਟੀਆਂ ਖ਼ਤਮ ਹੋਣ ਤੋਂ ਬਾਅਦ ਐਤਵਾਰ ਨੂੰ ਸੰਸਦ ਦੀ ਕਾਰਵਾਈ ਮੁੜ ਸ਼ੁਰੂ ਹੋਣੀ ਸੀ। ਇਹ ਆਤਮਘਾਤੀ ਹਮਲਾ ਕਾਰਵਾਈ ਸ਼ੁਰੂ ਹੋਣ ਤੋਂ ਕੁਝ ਘੰਟੇ ਪਹਿਲਾਂ ਹੋਇਆ। ਟੀਵੀ ਫੁਟੇਜ 'ਚ ਬੰਬ ਨਿਰੋਧਕ ਦਸਤੇ ਨੂੰ ਇਲਾਕੇ 'ਚ ਖੜ੍ਹੇ ਇਕ ਵਾਹਨ ਦੇ ਨੇੜੇ ਕੰਮ ਕਰਦੇ ਦੇਖਿਆ ਜਾ ਸਕਦਾ ਹੈ।

## ਓਨਟਾਰੀਓ ਵਿੱਚ ਹੁਣ 19 ਬਿਮਾਰੀਆਂ ਦਾ ਇਲਾਜ ਕਰ ਸਕਣਗੇ ਫਾਰਮਾਸਿਸਟਸ



ਓਨਟਾਰੀਓ, 1 ਅਕਤੂਬਰ (ਪੋਸਟ ਬਿਊਰੋ) : ਓਨਟਾਰੀਓ ਵੱਲੋਂ ਐਲਾਨ ਕੀਤਾ ਗਿਆ ਹੈ ਕਿ ਫਾਰਮਾਸਿਸਟਸ ਹੁਣ ਛੇ ਹੋਰ ਬਿਮਾਰੀਆਂ ਲਈ ਵੀ ਦਵਾਈ ਦੇ ਸਕਿਆ ਕਰਨਗੇ।

ਸਿਹਤ ਮੰਤਰੀ ਸਿਲਵੀਆ ਜੋਨਜ਼ ਨੇ ਐਤਵਾਰ ਸਵੇਰੇ ਇਟੋਬੀਕੋ ਵਿੱਚ ਦ ਈਸਟ ਮਾਲ ਵਿੱਚ ਸ਼ੌਪਰਜ਼ ਡਰੱਗ ਮਾਰਟ ਦੀ ਫਾਰਮੇਸੀ ਵਿੱਚ ਪ੍ਰੈੱਸ ਕਾਨਫਰੰਸ ਕਰਦਿਆਂ ਆਖਿਆ ਕਿ ਪ੍ਰੋਵਿੰਸ ਵੱਲੋਂ ਛੇ ਹੋਰ ਆਮ ਬਿਮਾਰੀਆਂ ਨੂੰ ਪਹਿਲਾਂ ਤੋਂ ਹੀ ਮੌਜੂਦ 13 ਬਿਮਾਰੀਆਂ ਦੀ ਸੂਚੀ ਵਿੱਚ ਸ਼ਾਮਲ ਕੀਤਾ ਜਾ ਰਿਹਾ ਹੈ ਜਿਨ੍ਹਾਂ ਦਾ ਇਲਾਜ ਫਾਰਮਾਸਿਸਟਸ ਆਪਣੇ ਪੱਧਰ ਉੱਤੇ ਕਰ ਸਕਦੇ ਹਨ।ਓਨਟਾਰੀਓ ਸਰਕਾਰ ਨੇ ਫਾਰਮਾਸਿਸਟਸ ਦੀਆਂ ਦਵਾਈਆਂ ਲਿਖਣ ਦੀਆਂ ਸ਼ਕਤੀਆਂ ਦੇ ਪਸਾਰ ਨੂੰ ਆਪਣੇ ਮਾਰਚ ਵਿੱਚ ਜਾਰੀ ਕੀਤੇ ਬਜਟ ਵਿੱਚ ਵੀ ਸ਼ਾਮਲ ਕੀਤਾ ਹੋਇਆ ਹੈ। ਹੁਣ ਫਾਮਾਸਿਸਟਸ ਐਕਨੇ, ਨਾਸੂਰ ਤੇ ਡਾਇਪਰ ਰੈਸ਼ ਆਦਿ ਦਾ ਇਲਾਜ ਕਰ ਸਕਿਆ ਕਰਨਗੇ।

ਜੋਨਜ਼ ਨੇ ਆਖਿਆ ਕਿ ਸਾਡੇ ਪ੍ਰੋਵਿੰਸ ਵਿੱਚ ਫਾਰਮਾਸਿਸਟ ਤੋਂ ਦਵਾਈਆਂ ਲੈਣਾ ਕਾਫੀ ਵੱਡੀ ਸਫਲਤਾ ਰਹੀ ਹੈ। ਇੱਕ ਸਾਲ ਤੋਂ ਵੀ ਘੱਟ ਅਰਸੇ ਵਿੱਚ ਓਨਟਾਰੀਓ ਕੈਨੇਡਾ ਦਾ ਅਜਿਹਾ ਪ੍ਰੋਵਿੰਸ ਬਣ ਗਿਆ ਹੈ ਜਿੱਥੇ ਹੈਲਥ ਕੇਅਰ ਸਰਵਿਸਿਜ਼ ਸਫਲਤਾਪੂਰਬਕ ਫਾਰਮਾਸਿਸਟਸ ਰਾਹੀਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਫਾਰਮਾਸਿਸਟਸ ਯੀਸਟ ਇਨਫੈਕਸ਼ਨਜ਼, ਪਰਜੀਵੀ ਕੀੜਿਆਂ ਤੇ ਗਰਭਕਾਲ ਦੌਰਾਨ ਜੀ ਕੱਚਾ ਹੋਣ ਤੇ ਉਲਟੀਆਂ ਆਦਿ ਦਾ ਇਲਾਜ ਵੀ ਕਰ ਸਕਦੇ ਹਨ।

ਪਹਿਲੀ ਵਾਰੀ ਪ੍ਰੋਵਿੰਸ ਨੇ ਪਹਿਲੀ ਜਨਵਰੀ ਨੂੰ ਫਾਰਮਾਸਿਸਟਸ ਨੂੰ ਸਿੱਧੇ ਤੌਰ ਉੱਤੇ ਇਲਾਜ ਕਰਨ ਦੀ ਖੁੱਲ੍ਹ ਦਿੱਤੀ ਸੀ, ਉਸ ਸਮੇਂ ਫਾਰਮਾਸਿਸਟਸ ਨੂੰ ਛਪਾਕੀ ਤੇ ਯੂਰੀਨਰੀ ਟਰੈਕਟ ਇਨਫੈਕਸ਼ਨਜ਼ ਦਾ ਇਲਾਜ ਕਰਨ ਲਈ ਆਖਿਆ ਗਿਆ ਸੀ। ਸਿਹਤ ਮੰਤਰਾਲੇ ਅਨੁਸਾਰ ਓਨਟਾਰੀਓ ਦੀਆਂ 89 ਫੀ ਸਦੀ ਫਾਰਮੇਸੀਜ਼ ਇਸ ਪ੍ਰੋਗਰਾਮ ਨਾਲ ਜੁੜ ਚੁੱਕੀਆਂ ਹਨ ਤੇ ਹੁਣ ਤੱਕ 400,000 ਲੋਕਾਂ ਦਾ ਇਲਾਜ ਵੀ ਕਰ ਚੁੱਕੀਆਂ ਹਨ।

ਜੋਨਜ਼ ਨੇ ਆਖਿਆ ਕਿ ਲੋਕ ਵੀ ਹੁਣ ਫਾਰਮਾਸਿਸਟਸ ਤੋਂ ਇਲਾਜ ਕਰਵਾਉਣ ਲਈ ਅਸਾਨੀ ਨਾਲ ਤਿਆਰ ਹੋ ਰਹੇ ਹਨ ਤੇ ਇਸ ਦੇ ਨਾਲ ਹੀ ਐਮਰਜੰਸੀ ਰੂਮਜ਼ ਤੇ ਸਰਜੀਕਲ ਉਡੀਕ ਸੂਚੀਆਂ ਵੀ ਘੱਟ ਰਹੀਆਂ ਹਨ। ਇਸ ਤੋਂ ਇਲਾਵਾ ਫਲੂ ਮੈਡੀਸਨ, ਬੱਚਿਆਂ ਨੂੰ ਫਲੂ ਸ਼ੌਟਸ ਲਾਉਣ ਤੇ ਆਰਐਸਵੀ ਵੈਕਸੀਨ ਦੇਣ ਦੀ ਜ਼ਿੰਮੇਵਾਰੀ ਵੀ ਫਾਰਮਾਸਿਸਟਸ ਨੂੰ ਦੇਣ ਦੇ ਪਲੈਨ ਉੱਤੇ ਫੀਡਬੈਕ ਹਾਸਲ ਕਰਨ ਦੀ ਸਿਹਤ ਮੰਤਰਾਲੇ ਵੱਲੋਂ ਕੋਸ਼ਿਸ਼ ਕੀਤੀ ਜਾ ਰਹੀ ਹੈ।

## ਅਮਰੀਕਾ ਵਿਚ ਸਿੱਖ ਗ੍ਰੰਥੀ ਨੇ ਹਾਊਸ ਆਫ ਰਿਪ੍ਰਜ਼ੈਂਟੇਟਿਵ ਦੀ ਕਾਰਵਾਈ ਸ਼ੁਰੂ ਕਰਨ ਲਈ ਕੀਤੀ ਅਰਦਾਸ



ਵਾਸ਼ਿੰਗਟਨ, 1 ਅਕਤੂਬਰ (ਪੋਸਟ ਬਿਊਰੋ): ਅਮਰੀਕਾ ਵਿਚ ਨਿਊਜਰਸੀ ਦੇ ਇਕ ਸਿੱਖ ਗ੍ਰੰਥੀ ਨੇ ਹਾਊਸ ਆਫ ਰਿਪ੍ਰਜ਼ੈਂਟੇਟਿਵ ਦੀ ਕਾਰਵਾਈ ਸ਼ੁਰੂ ਕਰਨ ਲਈ ਅਰਦਾਸ ਕੀਤੀ, ਜੋ ਇਤਿਹਾਸ ਵਿਚ ਪਹਿਲੀ ਵਾਰ ਹੋਇਆ ਹੈ। ਨਿਊਜਰਸੀ ਦੇ ਪਾਈਨ ਹਿੱਲ ਗੁਰਦੁਆਰੇ ਦੇ ਗ੍ਰੰਥੀ ਗਿਆਨੀ ਜਸਵਿੰਦਰ ਸਿੰਘ ਨੇ ਸ਼ੁੱਕਰਵਾਰ ਨੂੰ ਸਦਨ ਵਿੱਚ ਅਰਦਾਸ ਕਰਕੇ ਦਿਨ ਦੀ ਕਾਰਵਾਈ ਸ਼ੁਰੂ ਕੀਤੀ। ਆਮ ਤੌਰ 'ਤੇ ਕਾਰਵਾਈ ਸ਼ੁਰੂ ਹੋਣ ਤੋਂ ਪਹਿਲਾਂ ਇੱਕ ਪਾਦਰੀ ਪ੍ਰਾਰਥਨਾ ਕਰਦਾ ਹੈ। ਅਰਦਾਸ ਤੋਂ ਤੁਰੰਤ ਬਾਅਦ ਕਾਂਗਰਸਮੈਨ ਡੋਨਾਲਡ ਨੌਰਕਰੌਸ ਨੇ ਇਸ ਨੂੰ ਇਤਿਹਾਸਕ ਮੌਕਾ ਦੱਸਿਆ। ਸਿੰਘ ਅਮਰੀਕਾ ਦੇ ਪ੍ਰਤੀਨਿਧੀ ਸਭਾ (ਸੰਸਦ ਦੇ ਹੇਠਲੇ ਸਦਨ) ਵਿੱਚ ਅਰਦਾਸ ਕਰਨ ਵਾਲੇ ਪਹਿਲੇ ਸਿੱਖ ਗ੍ਰੰਥੀ ਹਨ।

NOW HIRING !!!
ALLKIND INSURANCE
Life Insurance • Super Visa Insurance
Critical illness Ins • Mortgage Insurance
Travel & Visitor Ins • Disability Insurance
RESP & TFSA & RRSP • Funeral Insurance
SIMRAN SAINI
416.994.7272
www.allkindinsurance.com

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
Trademark used under licence by Allstate Insurance Company. 232374 | 6-23

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6 Brampton, ON, L6P 3W4
Open Saturday
Providing excellent quality legal services to our clients

MagGas Medical Brampton
MGM MAGGAS MEDICAL INC.
Helping you breathe deep and rest easy.
CPAP machines, masks and supplies
Free consultations
30 day mask exchange
Free deliveries
(647) 954-9885
20 Maritime Ont Blvd Unit 15 Brampton, ON L6S 0C2

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

Royal Pest Control
Residential Commercial Industrial
Specialist in Bedbugs Service
All Pest Control :
Mouse & Rats • Spiders & Fleas • Bedbugs • Wasps
Cockroaches • Carpenter Ants • Silver Fish • Racoons
Call : PARESH PATEL (Government Approved Licensed Technician)
416 938 4598

INSURANCE
Home • Auto
Business • Trucking
Life Insurance • Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat Broker
Aaxel InsuranceBrokers Ltd.
1332 Khalsa Dr, Unit # 11,

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration • Real Estate
Family Law • Business Closing
Corporate • Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
Shinder Kelley
1200 Derry Road E, #15, Mississauga ON L5T 0B3
905-362-0755

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc.
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law • Business Law
Wills & Estates • Family Law
Power of Attorney • Civil Litigation
Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਇਮਰਾਨ ਖਾਨ ਅਤੇ ਕੁਰੈਸ਼ੀ ਨੂੰ ਉੱਚ ਜਾਂਚ ਏਜੰਸੀ ਨੇ ਖੁਫੀਆ ਡਿਪਲੋਮੈਟਿਕ ਦਸਤਾਵੇਜ਼ ਲੀਕ ਮਾਮਲੇ ਵਿਚ ਦੋਸ਼ੀ ਕਰਾਰ ਦਿੱਤਾ

ਇਸਲਾਮਾਬਾਦ, 1 ਅਕਤੂਬਰ (ਪੋਸਟ ਬਿਊਰੋ): ਪਾਕਿਸਤਾਨ ਦੀ ਉੱਚ ਜਾਂਚ ਏਜੰਸੀ ਨੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਅਤੇ ਸਾਬਕਾ ਵਿਦੇਸ਼ ਮੰਤਰੀ ਸ਼ਾਹ ਮਹਿਮੂਦ ਕੁਰੈਸ਼ੀ ਨੂੰ ਕਥਿਤ ਤੌਰ ’ਤੇ ਖੁਫੀਆ ਡਿਪਲੋਮੈਟਿਕ ਦਸਤਾਵੇਜ਼ ਲੀਕ ਕਰਨ ਦੇ ਮਾਮਲੇ ਵਿਚ ਦੋਸ਼ੀ ਕਰਾਰ ਦਿੱਤਾ ਹੈ। ਪਾਕਿਸਤਾਨ ਆਬਜ਼ਰਵਰ ਦੀ ਵੈੱਬਸਾਈਟ ਦੀ ਖਬਰ ਮੁਤਾਬਕ ਫੈਡਰਲ ਇਨਵੈਸਟੀਗੇਸ਼ਨ ਏਜੰਸੀ (ਐੱਫ. ਆਈ. ਏ.) ਨੇ ਪਾਕਿਸਤਾਨ ਤਹਿਰੀਕ-ਏ-ਇਨਸਾਫ ਪਾਰਟੀ ਦੇ ਚੇਅਰਮੈਨ ਖਾਨ ਅਤੇ ਉਸ ਦੇ ਸਹਿਯੋਗੀ ਕੁਰੈਸ਼ੀ ਖਿਲਾਫ ਅਧਿਕਾਰਤ ਸੀਕਰੇਟ ਐਕਟ ਤਹਿਤ ਗਠਿਤ ਵਿਸ਼ੇਸ਼ ਅਦਾਲਤ ’ਚ ਚਾਰਜਸ਼ੀਟ ਦਾਇਰ ਕੀਤੀ ਹੈ। ਇਹ ਦੋਵੇਂ ਇਸ ਵੇਲੇ ਜੇਲ ਜਾਂ ਨਿਆਇਕ ਹਿਰਾਸਤ ਵਿਚ ਹਨ।



ਖਾਨ ਨੂੰ ਪਿਛਲੇ ਮਹੀਨੇ ਇਕ ਖੁਫੀਆ ਡਿਪਲੋਮੈਟਿਕ ਦਸਤਾਵੇਜ਼ ਦਾ ਖੁਲਾਸਾ ਕਰ ਕੇ ਅਧਿਕਾਰਤ ਸੀਕਰੇਟ ਐਕਟ ਦੀ ਉਲੰਘਣਾ ਕਰਨ ਦੇ ਦੋਸ਼ ਵਿਚ ਗ੍ਰਿਫਤਾਰ ਕੀਤਾ ਗਿਆ ਸੀ। ਇਹ ਕੂਟਨੀਤਕ ਦਸਤਾਵੇਜ਼ ਵਾਸ਼ਿੰਗਟਨ ਸਥਿਤ ਪਾਕਿਸਤਾਨੀ ਦੂਤਘਰ ਨੇ ਪਿਛਲੇ ਸਾਲ ਮਾਰਚ ਵਿਚ ਭੇਜਿਆ ਸੀ।

ਜਾਣਕਾਰੀ ਅਨੁਸਾਰ ਐੱਫ.ਆਈ.ਏ. ਨੇ ਚਾਰਜਸ਼ੀਟ ਦੇ ਨਾਲ 28 ਗਵਾਹਾਂ ਦੀ ਸੂਚੀ ਵੀ ਅਦਾਲਤ ’ਚ ਪੇਸ਼ ਕੀਤੀ ਹੈ। ਇਸ ਵਿਚ ਕਿਹਾ ਗਿਆ ਹੈ ਕਿ ਗਵਾਹਾਂ ਦੀ ਸੂਚੀ ਵਿਚ ਵਿਦੇਸ਼ ਸਕੱਤਰ ਅਸਦ ਮਜੀਦ, ਸਾਬਕਾ ਵਿਦੇਸ਼ ਸਕੱਤਰ ਸੋਹੇਲ ਮਹਿਮੂਦ ਅਤੇ ਵਧੀਕ ਵਿਦੇਸ਼ ਸਕੱਤਰ ਫੈਜ਼ਲ ਨਿਆਜ਼ ਤਿਰਮਜ਼ੀ ਦੇ ਨਾਮ ਸ਼ਾਮਿਲ ਹਨ।

ਐੱਫ.ਆਈ.ਏ. ਨੇ ਅਦਾਲਤ ਨੂੰ ਇਮਰਾਨ ਦੀ ਪਾਰਟੀ ਦੇ ਨੇਤਾਵਾਂ ਖਿਲਾਫ ਮੁਕੱਦਮਾ ਚਲਾਉਣ ਅਤੇ ਕਾਨੂੰਨ ਮੁਤਾਬਕ ਸਜ਼ਾ ਦੇਣ ਦੀ ਬੇਨਤੀ ਕੀਤੀ ਹੈ। ਪਾਕਿ ਨਿਊਜ਼ ਚੈਨਲ ਮੁਤਾਬਕ ਕੁਰੈਸ਼ੀ ਇਸ ਪਾਰਟੀ ਦੇ ਉਪ ਪ੍ਰਧਾਨ ਹਨ। ਇਸ ਦੇ ਸਾਬਕਾ ਜਨਰਲ ਸਕੱਤਰ ਅਸਦ ਉਮਰ ਦਾ ਨਾਂ ਐੱਫ.ਆਈ.ਏ. ਮੁਲਜ਼ਮਾਂ ਦੀ ਸੂਚੀ ’ਚ ਨਹੀਂ ਹੈ, ਜਦ ਕਿ ਸਾਬਕਾ ਪ੍ਰਮੁੱਖ ਸਕੱਤਰ ਆਜ਼ਮ ਖਾਨ ਨੂੰ ਇਮਰਾਨ ਖਾਨ ਖਿਲਾਫ ਐੱਫ.ਆਈ.ਏ. ਦੇ ਇਕ ਮਜ਼ਬੂਤ ਗਵਾਹ ਵਜੋਂ ਪੇਸ਼ ਕੀਤਾ ਗਿਆ ਹੈ।

## ਅੱਜ ਨਾਮਾ >>

ਲੀਡਰ ਕਾਂਗਰਸ ਦੇ ਬੋਲ ਰਹੇ ਹੋਰ ਬੋਲੀ,
ਸਿੱਧੂ ਨਵਜੋਤ ਪਿਆ ਵੱਖ ਹੈ ਬੋਲ ਬੇਲੀ।
ਕੌੜਾ ਬੋਲਣ ਤੋਂ ਝਿੜਕ’ਤੇ ਕਾਂਗਰਸੀਏ,
ਕਹਿੰਦਾ ਬੋਲਣ ਦਾ ਰੱਖੋ ਸਮਤੋਲ ਬੇਲੀ।
ਪਾਰਲੀਮੈਂਟ ਲਈ ਚੋਣ ਜਦ ਕੋਲ ਆਈ,
ਚਿੱਤ ਵਿੱਚ ਰੱਖਿਉ ਚੋਣ ਦਾ ਘੋਲ ਬੇਲੀ।
ਸਿਆਸਤ ਦੇਸ਼ ਦੀ ਜਿੱਡੇ ਸੰਕੇਤ ਦੇਂਦੀ,
ਇਹ ਸੰਕੇਤ ਆ ਬਹੁਤ ਅਨਮੋਲ ਬੇਲੀ।
ਸਾਰੇ ਈ ਲੀਡਰ ਪੰਜਾਬ ਦੇ ਇੱਕ ਤਰਫਾ,
ਹਾਈ ਕਮਾਨ ਦੇ ਨਾਲ ਇੱਕੋ ਖੜਾ ਬੇਲੀ।
ਵੱਖਰਾ ਸਭਨਾਂ ਤੋਂ ਬੇਸ਼ੱਕ ਨਵਜੋਤ ਸਿੱਧੂ,
ਰਾਜਸੀ ਪੈਂਤੜਾ ਮੱਲ ਗਿਆ ਬੜਾ ਬੇਲੀ।

**ਤੀਸ ਮਾਰ ਖਾਂ**

# ਅਜੇ ਮਾਕਨ ਪਵਨ ਬਾਂਸਲ ਦੀ ਥਾਂ ਕਾਂਗਰਸ ਦੇ ਨਵੇਂ ਖਜ਼ਾਨਚੀ ਬਣੇ

ਨਵੀਂ ਦਿੱਲੀ, 1 ਅਕਤੂਬਰ 2023 - ਕਾਂਗਰਸ ਨੇ ਐਤਵਾਰ ਨੂੰ ਦਿੱਲੀ ਦੇ ਸੀਨੀਅਰ ਨੇਤਾ ਅਤੇ ਸਾਬਕਾ ਜਨਰਲ ਸਕੱਤਰ ਅਜੈ ਮਾਕਨ ਨੂੰ ਸਾਬਕਾ ਰੇਲ ਮੰਤਰੀ ਅਤੇ ਚੰਡੀਗੜ੍ਹ ਦੇ ਸਾਬਕਾ ਲੋਕ ਸਭਾ ਮੈਂਬਰ ਪਵਨ ਕੁਮਾਰ ਬਾਂਸਲ ਦੀ ਥਾਂ ਆਲ ਇੰਡੀਆ ਕਾਂਗਰਸ ਕਮੇਟੀ ਦਾ ਖਜ਼ਾਨਚੀ ਨਿਯੁਕਤ ਕੀਤਾ ਹੈ।



ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਵੱਲੋਂ ਜਾਰੀ ਹੁਕਮ ਵਿੱਚ ਕਿਹਾ ਗਿਆ ਹੈ ਕਿ ਪਾਰਟੀ ਨੇ ਬਾਂਸਲ ਦੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਹੈ।ਬਾਂਸਲ ਨੂੰ ਦਸੰਬਰ 2020 ਵਿੱਚ ਅੰਤ੍ਰਿਮ ਆਧਾਰ 'ਤੇ ਏਆਈਸੀਸੀ ਦਾ ਖਜ਼ਾਨਚੀ ਨਿਯੁਕਤ ਕੀਤਾ ਗਿਆ ਸੀ ਪਰ ਹੁਣ ਉਹ ਲਗਭਗ ਤਿੰਨ ਸਾਲਾਂ ਤੋਂ ਇਸ ਅਹੁਦੇ 'ਤੇ ਬਣੇ ਹੋਏ ਸਨ।ਮਹੱਤਵਪੂਰਨ ਗੱਲ ਇਹ ਹੈ ਕਿ, ਬਾਂਸਲ ਇਸ ਸਾਲ 20 ਅਗਸਤ ਨੂੰ ਪਾਰਟੀ ਪ੍ਰਧਾਨ ਮਲਿਕ-ਅਰਜੁਨ ਖੜਗੇ ਦੁਆਰਾ ਖੋਲ੍ਹੀ ਗਈ ਪੁਨਰਗਠਿਤ ਕਾਂਗਰਸ ਵਰਕਿੰਗ ਕਮੇਟੀ ਦੀ ਨਿਯਮਤ ਮੈਂਬਰਸ਼ਿਪ ਤੋਂ ਬਾਹਰ ਕੀਤੇ ਜਾਣ ਤੋਂ ਬਾਅਦ ਤੋਂ ਹੀ ਏਆਈਸੀਸੀ ਦੇ ਖਜ਼ਾਨਚੀ ਦੇ ਦਫਤਰ ਵਿੱਚ ਹਾਜ਼ਰ ਨਹੀਂ ਹੋਏ ਸਨ।

# ਭੀਖ ਮੰਗਣ ਸਾਊਦੀ ਅਰਬ ਜਾ ਰਹੇ 24 ਭਿਖਾਰੀ ਗ੍ਰਿਫ਼ਤਾਰ, ਫਲਾਈਟ ਵਿਚੋਂ ਜ਼ਬਰਦਸਤੀ ਉਤਾਰੇ

ਇਸਲਾਮਾਬਾਦ, 1 ਸਤੰਬਰ (ਪੋਸਟ ਬਿਊਰੋ): ਪਾਕਿਸਤਾਨ 'ਚ 24 ਕਥਿਤ ਭਿਖਾਰੀ ਜੋ ਉਮਰਾਹ ਕਰਨ ਦੇ ਬਹਾਨੇ ਖਾੜੀ ਦੇਸ਼ ਜਾਣ ਦੀ ਕੋਸ਼ਿਸ਼ ਕਰ ਰਹੇ ਸਨ ਤਾਂ ਕਿ ਉਥੇ ਭੀਖ ਮੰਗ ਸਕਣ, ਨੂੰ ਮੁਲਤਾਨ ਹਵਾਈ ਅੱਡੇ 'ਤੇ ਸਾਊਦੀ ਅਰਬ ਜਾਣ ਵਾਲੀ ਫਲਾਈਟ ਤੋਂ ਜ਼ਬਰਦਸਤੀ ਉਤਾਰ ਦਿੱਤਾ ਗਿਆ। ਇਹ ਜਾਣਕਾਰੀ ਐਤਵਾਰ ਨੂੰ ਮੀਡੀਆ 'ਚ ਪ੍ਰਕਾਸ਼ਤਿ ਖ਼ਬਰ 'ਚ ਦਿੱਤੀ ਗਈ। 'ਡਾਨ' ਅਖ਼ਬਾਰ ਦੀ ਖ਼ਬਰ ਮੁਤਾਬਕ ਸੰਘੀ ਜਾਂਚ ਏਜੰਸੀ (ਐੱਫਆਈਏ) ਨੇ ਸ਼ਨੀਵਾਰ ਰਾਤ ਨੂੰ ਮੁਲਤਾਨ ਏਅਰਪੋਰਟ 'ਤੇ ਸਾਊਦੀ ਅਰਬ ਦੀ



ਫਲਾਈਟ ਤੋਂ ਉਮਰਾਹ ਦੇ ਬਹਾਨੇ ਅਰਬ ਦੇਸ਼ ਜਾ ਰਹੇ 8 ਕਥਿਤ ਭਿਖਾਰੀਆਂ ਨੂੰ ਕਾਬੂ ਕਰ ਲਿਆ। ਪੰਜਾਬ ਸੂਬੇ ਦੇ ਮੁਲਤਾਨ ਹਵਾਈ ਅੱਡੇ 'ਤੇ ਪਿਛਲੇ ਕੁਝ ਦਿਨਾਂ 'ਚ ਇਹ ਦੂਜੀ ਘਟਨਾ ਸੀ।


ਅਖ਼ਬਾਰ ਮੁਤਾਬਕ 2 ਦਿਨ ਪਹਿਲਾਂ ਵੀ ਐੱਫਆਈਏ ਨੇ ਮੁਲਤਾਨ ਹਵਾਈ ਅੱਡੇ 'ਤੇ ਸਾਊਦੀ ਅਰਬ ਜਾਣ ਵਾਲੀ ਫਲਾਈਟ ਤੋਂ 11 ਔਰਤਾਂ, 4 ਮਰਦਾਂ ਅਤੇ ਇਕ ਬੱਚੇ ਸਮੇਤ ਕੁਲ 16 ਲੋਕਾਂ ਨੂੰ ਉਤਾਰਿਆ ਸੀ। ਉਹ ਉਮਰਾਹ ਵੀਜ਼ੇ 'ਤੇ ਜਾ ਰਹੇ ਸਨ। ਉਮਰਾਹ ਮੱਕਾ ਦੀ ਇਕ ਧਾਰਮਿਕ ਯਾਤਰਾ ਹੈ, ਜੋ ਸਾਲ ਦੇ ਕਿਸੇ ਵੀ ਸਮੇਂ ਕੀਤੀ ਜਾ ਸਕਦੀ ਹੈ। ਐੱਫਆਈਏ ਦੇ ਇਮੀਗ੍ਰੇਸ਼ਨ ਅਧਿਕਾਰੀ ਤਾਰਿਕ ਮਹਿਮੂਦ ਨੇ ਦੂਜੀ ਘਟਨਾ ਤੋਂ ਬਾਅਦ ਜਾਰੀ ਬਿਆਨ 'ਚ ਕਿਹਾ ਕਿ ਇਮੀਗ੍ਰੇਸ਼ਨ ਜਾਂਚ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਇਹ ਗਰੁੱਪ 'ਭੀਖ' ਮੰਗਣ ਦੇ ਇਰਾਦੇ ਨਾਲ ਸਾਊਦੀ ਅਰਬ ਜਾ ਰਿਹਾ ਸੀ। ਬਿਆਨ ਮੁਤਾਬਕ, "ਉਨ੍ਹਾਂ (ਭੀਖ ਮੰਗਣ ਦੇ ਮਾਮਲੇ 'ਚ ਫੜੇ ਗਏ ਲੋਕ) ਦੱਸਿਆ ਕਿ ਉਨ੍ਹਾਂ ਨੇ ਭੀਖ 'ਚ ਮਿਲੀ ਅੱਧੀ ਰਕਮ ਏਜੰਟ ਨੂੰ ਸੌਂਪਣੀ ਸੀ।"

ਐੱਫਆਈਏ ਨੇ ਕਿਹਾ ਕਿ ਫੜੇ ਗਏ ਲੋਕਾਂ ਦੇ ਪਾਸਪੋਰਟ ਜ਼ਬਤ ਕਰ ਲਏ ਗਏ ਹਨ ਅਤੇ ਉਨ੍ਹਾਂ ਨੂੰ ਕਾਨੂੰਨੀ ਕਾਰਵਾਈ ਲਈ ਮੁਲਤਾਨ ਸਥਿਤ ਏਜੰਸੀ ਦੀ ਮਨੁੱਖੀ ਤਸਕਰੀ ਰੋਕੂ ਇਕਾਈ ਨੂੰ ਭੇਜ ਦਿੱਤਾ ਗਿਆ ਹੈ। ਸੰਘੀ ਏਜੰਸੀ ਨੇ ਕਿਹਾ, 'ਮੁਲਜ਼ਮਾਂ ਖ਼ਿਲਾਫ਼ ਮਨੁੱਖੀ ਸਮੱਗਲਿੰਗ ਐਕਟ 2018 ਤਹਿਤ ਐੱਫਆਈਆਰ ਦਰਜ ਕੀਤੀ ਜਾ ਰਹੀ ਹੈ।" ਅਖ਼ਬਾਰ ਮੁਤਾ-ਬਕ ਫੜੇ ਗਏ ਪਹਿਲੇ ਗਰੁੱਪ ਨੇ ਪੁੱਛਗਿੱਛ ਦੌਰਾਨ ਐੱਫਆਈਏ ਅਧਿਕਾਰੀਆਂ ਨੂੰ ਦੱਸਿਆ ਕਿ ਉਹ ਭੀਖ ਮੰਗਣ ਲਈ ਸਾਊਦੀ ਅਰਬ ਜਾ ਰਹੇ ਸਨ ।



















# ਅਕਾਦਮਿਕ ਖੇਤਰ ਨੂੰ ਪ੍ਰੋ ਵਰਮਾ ਦੇ ਦੇਣ ਕਦੇ ਨਹੀਂ ਭੁਲਾਈ ਜਾਵੇਗੀ : ਭਗਵੰਤ ਸਿੰਘ ਮਾਨ

## ਮੁੱਖ ਮੰਤਰੀ ਸਣੇ ਉੱਘੀਆਂ ਸਖਸ਼ੀਅਤਾਂ ਵੱਲੋਂ ਪ੍ਰੋਂ ਬੀ.ਸੀ. ਵਰਮਾ ਨੂੰ ਸ਼ਰਧਾਂਜਲੀਆਂ ਭੇਂਟ





ਚੰਡੀਗੜ੍ਹ, 1 ਅਕਤੂਬਰ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਣੇ ਉੱਘੀਆਂ ਸਖਸ਼ੀਅਤਾਂ ਨੇ ਅੱਜ ਸੂਬੇ ਮੁੱਖ ਸਕੱਤਰ ਅਨੁਰਾਗ ਵਰਮਾ ਦੇ ਪਿਤਾ ਪ੍ਰੋਫੈਸਰ ਬੀ.ਸੀ. ਵਰਮਾ ਨਮਿੱਤ ਪ੍ਰਾਥਨਾ ਸਭਾ ਵਿੱਚ ਸ਼ਿਰਕਤ ਕਰਦਿਆਂ ਪ੍ਰੋ. ਵਰਮਾ ਨੂੰ ਭਾਵ-ਭਿੰਨੀਆਂ ਸ਼ਰਧਾਂਜਲੀਆਂ ਭੇਂਟ ਕੀਤੀਆਂ।

ਮਾਤਾ ਮਨਸਾ ਦੇਵੀ ਕੰਪਲੈਕਸ ਵਿਖੇ ਪ੍ਰਾਥਨਾ ਸਭਾ ਵਿੱਚ ਪ੍ਰੋ. ਵਰਮਾ ਨੂੰ ਸ਼ਰਧਾਂਜਲੀਆਂ ਭੇਂਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਕਾਦਮਿਕ ਖੇਤਰ ਨੂੰ ਉਨ੍ਹਾਂ ਦੀ ਦੇਣ ਕਦੇ ਨਹੀਂ ਭੁਲਾਈ ਜਾ ਸਕਦੀ। ਉਨ੍ਹਾਂ ਕਿਹਾ ਕਿ ਪਿੰਡ ਚਲੈਲਾ ਤੋਂ ਉੱਠ ਕੇ ਉਨ੍ਹਾਂ ਆਪਣੀ ਸਖਤ ਮਿਹਨਤ ਨਾਲ ਉੱਚ ਵਿਦਿਆ ਹਾਸਲ ਕਰਕੇ ਅਧਿਆਪਨ ਦੇ ਖੇਤਰ ਵਿੱਚ ਲਾਮਿਸਾਲ ਸੇਵਾਵਾਂ ਨਿਭਾਈਆਂ। ਉਨ੍ਹਾਂ ਕਿਹਾ ਕਿ ਜਿਵੇਂ ਫੁੱਲਾਂ ਤੇ ਟਹਿਣੀਆਂ ਤੋਂ ਪਤਾ ਲੱਗਦਾ ਹੈ ਕਿ ਦਰਖੱਤ ਕਿੰਨਾ ਮਜ਼ਬੂਤ ਹੈ, ਉਵੇਂ ਇਕ ਸੁਹਿਰਦ ਤੇ ਸਮਰਪਿਤ ਅਧਿਆਪਕ ਦੇ ਕਾਮਯਾਬ ਵਿਦਿਆਰਥੀ ਅਤੇ ਉਨ੍ਹਾਂ ਦੀ ਔਲਾਦ ਦੱਸਦੀ ਹੈ ਕਿ ਉਨ੍ਹਾਂ ਨੂੰ ਕਿਹੋ ਜਿਹੇ ਸੰਸਕਾਰ ਮਿਲੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਪ੍ਰੋ. ਵਰਮਾ ਉੱਘੇ ਸਿੱਖਿਆ ਸ਼ਾਸਤਰੀ ਸਨ ਜੋ ਮਨੁੱਖੀ ਕਦਰਾਂ-ਕੀਮਤਾਂ ਪ੍ਰਤੀ ਸਮਰਪਿਤ ਸਨ। ਉਨ੍ਹਾਂ ਕਿਹਾ ਕਿ ਪ੍ਰੋ. ਵਰਮਾ ਵੱਲੋਂ ਦਿਖਾਏ ਮਾਰਗ ਸਦਕਾ ਸਮੁੱਚੇ ਪਰਿਵਾਰ ਨੇ ਆਪਣੇ ਜੀਵਨ ਵਿੱਚ ਬੁਲੰਦੀਆਂ ਨੂੰ ਛੂਹਿਆ ਅਤੇ ਸਮਰਪਿਤ ਹੋ ਕੇ ਮਿਸ਼ਨਰੀ ਭਾਵਨਾ ਨਾਲ ਦੇਸ਼ ਦੀ ਸੇਵਾ ਕਰ ਰਿਹਾ ਹੈ। ਉਨ੍ਹਾ ਵਰਮਾ ਪਰਿਵਾਰ ਦੇ ਮੈਂਬਰਾਂ ਨਾਲ ਦਿਲੀ ਹਮਦਰਦੀ ਜਾਹਰ ਕਰਦਿਆਂ ਪਰਮਾਤਮਾ ਅੱਗੇ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਸਦੀਵੀ ਨਿਵਾਸ ਦੇਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਦੀ ਅਰਦਾਸ ਕੀਤੀ।

ਬਾਬਾ ਫ਼ਰੀਦ ਮੈਡੀਕਲ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼ ਫਰੀਦਕੋਟ ਦੇ ਬੋਰਡ ਆਫ ਡਾਇਰੈਕਟਰ ਦੇ ਚੇਅਰਮੈਨ ਅਤੇ ਦਿਲ ਦੇ ਰੋਗਾਂ ਦੇ ਮਾਹਿਰ ਡਾਕਟਰ ਗੁਰਪ੍ਰੀਤ ਸਿੰਘ ਵਾਂਡਰ ਨੇ ਆਪਣੇ ਅਧਿਆਪਕ ਪ੍ਰੋ. ਵਰਮਾ ਨੂੰ ਸਿਜਦਾ ਕਰਦਿਆਂ ਵਿਦਿਆਰਥੀ ਜੀਵਨ ਦੀਆਂ ਯਾਦਾਂ ਸਾਂਝੀਆਂ ਕੀਤੀਆਂ। ਉਨ੍ਹਾਂ ਕਿਹਾ ਕਿ ਪ੍ਰੋ ਵਰਮਾ ਸਾਡੇ ਆਦਰਸ਼ ਅਧਿਆਪਕ ਸਨ ਜੋ ਵਿਦਿਆਰਥੀਆਂ ਦੇ ਰੋਲ ਮਾਡਲ ਸਨ ਜਿਨ੍ਹਾਂ ਦੀ ਤਰਜੀਹ ਹਮੇਸ਼ਾ ਵਿਦਿਆਰਥੀ ਰਹੇ ਹਨ। ਪ੍ਰੋ ਵਰਮਾ ਹਮੇਸ਼ਾ ਗਰੀਬ ਤੇ ਲੋੜਵੰਦ ਵਿਦਿਆਰਥੀਆਂ ਨੂੰ ਘਰ ਮੁਫ਼ਤ ਪੜ੍ਹਾਉਂਦੇ।

ਰਸਮ ਪਗੜੀ ਤੇ ਆਰਤੀ ਤੋਂ ਪਹਿਲਾਂ ਸ੍ਰੀ ਗਰੁੜ ਪੁਰਾਣ ਜੀ ਦਾ ਭੋਗ ਪਾਇਆਂ ਗਿਆ ਅਤੇ ਲੀਜ਼ਾ ਡਾਬਰ ਦੀ ਮੰਡਲੀ ਵੱਲੋਂ ਭਜਨ ਕੀਤਾ ਗਿਆ।

ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਡਿਪਟੀ ਸਪੀਕਰ ਜੈ ਕਿਸ਼ਨ ਰੋੜੀ, ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਤੇ ਗੁਰਮੀਤ ਸਿੰਘ ਖੁੱਡੀਆ, ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਜੱਜ, ਰਾਜ ਸਭਾ ਮੈਂਬਰ ਅਸ਼ੋਕ ਮਿੱਤਲ, ਮੌਜੂਦਾ ਵਿਧਾਇਕ, ਸਾਬਕਾ ਮੰਤਰੀ ਤੇ ਵਿਧਾਇਕ, ਡੀਜੀਪੀ ਗੌਰਵ ਯਾਦਵ, ਮੁੱਖ ਮੰਤਰੀ ਦਫ਼ਤਰ ਦੇ ਅਧਿਕਾਰੀ, ਸਿਵਲ ਤੇ ਪੁਲਿਸ ਦੇ ਉੱਚ ਅਧਿਕਾਰੀ ਤੇ ਸੇਵਾ ਮੁਕਤ ਅਧਿਕਾਰੀ, ਵਕੀਲ ਭਾਈਚਾਰੇ ਅਤੇ ਪ੍ਰੈੱਸ ਦੇ ਨੁਮਾਇੰਦਿਆਂ ਤੋਂ ਇਲਾਵਾ ਵੱਖ-ਵੱਖ ਰਾਜਸੀ ਪਾਰਟੀਆਂ, ਸਮਾਜਿਕ ਸੰਗਠਨਾਂ ਤੇ ਸਕੱਤਰੇਤ ਦੇ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ। ਇਸ ਮੌਕੇ ਪੰਜਾਬ ਦੇ ਰਾਜਪਾਲ, ਰਾਧਾ ਸੁਆਮੀ ਸਤਿਸੰਗ ਬਿਆਸ ਦੇ ਮੁਖੀ ਗੁਰਿੰਦਰ ਸਿੰਘ ਢਿੱਲੋਂ, ਪਿੰਡ ਚਲੈਲਾ ਦੀ ਸਮੁੱਚੀ ਪੰਚਾਇਤ, ਸਰਕਾਰੀ ਮਹਿੰਦਰਾ ਕਾਲਜ ਪਟਿਆਲਾ, ਪੰਜਾਬੀ ਯੂਨੀਵਰਸਿਟੀ ਪਟਿਆਲਾ, ਮਹਾਰਾਜਾ ਰਣਜੀਤ ਸਿੰਘ ਪੰਜਾਬ ਤਕਨੀਕੀ ਯੂਨੀਵਰਸਿਟੀ ਬਠਿੰਡਾ, ਮਾਡਰਨ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ, ਪੰਜਾਬ ਤੇ ਹਰਿਆਣਾ ਹਾਈ ਕੋਰਟ ਦੀ ਬਾਰ ਕੌਂਸਲ, ਪੰਜਾਬ ਆਈ.ਏ.ਐਸ. ਤੇ ਪੀ.ਸੀ.ਐਸ. ਅਫਸਰਜ਼ ਐਸੋਸੀਏਸ਼ਨ, ਕਾਲਜ ਤੇ ਟੀਚਰਜ਼ ਐਸੋਸੀਏਸ਼ਨ ਸਣੇ ਵੱਖ-ਵੱਖ ਸੰਸਥਾਵਾਂ ਵੱਲੋਂ ਸ਼ੋਕ ਸੰਦੇਸ਼ ਰਾਹੀਂ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ।

# ਮੁੱਖ ਮੰਤਰੀ ਨੇ 1962 ਜਕਾਰਤਾ ਏਸ਼ਿਆਈ ਖੇਡਾਂ ਤੋਂ ਬਾਅਦ ਪੰਜ ਸੋਨ ਤਗਮੇ ਜਿੱਤਣ ਲਈ ਪੰਜਾਬੀ ਖਿਡਾਰੀਆਂ ਨੂੰ ਦਿੱਤੀ ਵਧਾਈ

ਚੰਡੀਗੜ੍ਹ, 1 ਅਕਤੂਬਰ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 1962 ਦੀਆਂ ਜਕਾਰਤਾ ਏਸ਼ਿਆਈ ਖੇਡਾਂ ਤੋਂ ਬਾਅਦ ਹਾਂਗਜ਼ੂ ਏਸ਼ਿਆਈ ਖੇਡਾਂ ਵਿੱਚ ਭਾਰਤੀ ਦਲ ਵਿੱਚ ਸ਼ਾਮਲ ਪੰਜਾਬੀ ਖਿਡਾਰੀਆਂ ਵੱਲੋਂ ਪੰਜ ਸੋਨ ਤਗਮੇ ਜਿੱਤਣ ਲਈ ਵਧਾਈ ਦਿੱਤੀ।



ਇਕ ਸੰਦੇਸ਼ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਖਿਡਾਰੀ ਚੱਲ ਰਹੀਆਂ ਏਸ਼ਿਆਈ ਖੇਡਾਂ ਵਿੱਚ ਆਪਣਾ ਸ਼ਾਨਦਾਰ ਪ੍ਰਦਰਸ਼ਨ ਜਾਰੀ ਰੱਖ ਰਹੇ ਹਨ। ਉਨ੍ਹਾਂ ਦੱਸਿਆ ਕਿ ਅੱਜ ਖੇਡਾਂ ਵਿੱਚ ਤੇਜਿੰਦਰ ਪਾਲ ਸਿੰਘ ਤੂਰ ਅਤੇ ਜ਼ੋਰਾਵਰ ਸਿੰਘ ਸੰਧੂ ਨੇ ਸੋਨੇ ਦੇ ਤਗਮੇ ਜਿੱਤੇ, ਜਦੋਂ ਕਿ ਹਰਮਿਲਨ ਬੈਂਸ ਅਤੇ ਰਾਜੇਸ਼ਵਰੀ ਕੁਮਾਰੀ ਨੇ ਚਾਂਦੀ ਦਾ ਤਗਮਾ ਹਾਸਲ ਕੀਤਾ। ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਹੁਣ ਤੱਕ ਪੰਜਾਬ ਦੇ 13 ਖਿਡਾਰੀਆਂ ਨੇ ਪੰਜ ਸੋਨੇ, ਚਾਰ ਚਾਂਦੀ ਅਤੇ ਤਿੰਨ ਕਾਂਸੀ ਦੇ ਤਗਮੇ ਜਿੱਤੇ ਹਨ। ਉਨ੍ਹਾਂ ਕਿਹਾ ਕਿ 1962 ਦੀਆਂ ਜਕਾਰਤਾ ਏਸ਼ਿਆਈ ਖੇਡਾਂ ਤੋਂ ਬਾਅਦ ਇਹ ਪਹਿਲੀ ਵਾਰ ਹੈ ਕਿ ਪੰਜਾਬੀ ਖਿਡਾਰੀਆਂ ਨੇ ਪੰਜ ਸੋਨ ਤਗਮੇ ਜਿੱਤੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਅੰਤ ਨਹੀਂ ਹੈ ਕਿਉਂਕਿ ਇਨ੍ਹਾਂ ਮੁਕਾਬਲਿਆਂ ਵਿੱਚ ਸੂਬੇ ਦੇ ਕਈ ਹੋਰ ਖਿਡਾਰੀ ਵੀ ਹਿੱਸਾ ਲੈ ਰਹੇ ਹਨ। ਉਨ੍ਹਾਂ ਖਿਡਾਰੀਆਂ ਨੂੰ ਸ਼ੁਭ ਕਾਮਨਾਵਾਂ ਦਿੰਦਿਆਂ ਆਸ ਪ੍ਰਗਟਾਈ ਕਿ ਇਹ ਖਿਡਾਰੀ ਦੇਸ਼ ਦਾ ਨਾਮ ਹੋਰ ਰੌਸ਼ਨ ਕਰਨਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਪਹਿਲਾਂ ਹੀ ਹਰ ਸੰਭਵ ਯਤਨ ਕਰ ਰਹੀ ਹੈ।

ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਸੂਬਾ ਸਰਕਾਰ ਦੇ ਅਣਥੱਕ ਯਤਨਾਂ ਸਦਕਾ ਸੂਬੇ ਦੇ ਖਿਡਾਰੀ ਏਸ਼ਿਆਈ ਖੇਡਾਂ ਵਿੱਚ ਪੰਜਾਬ ਦਾ ਨਾਂ ਰੌਸ਼ਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਖਿਡਾਰੀਆਂ ਨੂੰ ਨਕਦ ਇਨਾਮਾਂ ਅਤੇ ਹੋਰ ਸਹੂਲਤਾਂ ਨਾਲ ਉਤਸ਼ਾਹਿਤ ਕਰ ਰਹੀ ਹੈ। ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਖਿਡਾਰੀਆਂ ਨੂੰ ਅੰਤਰਰਾਸ਼ਟਰੀ ਮੁਕਾਬਲਿਆਂ ਦੀ ਤਿਆਰੀ ਲਈ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ।

## ਸੂਬੇ ਦੀਆਂ ਸਾਰੀਆਂ ਮੰਡੀਆਂ ’ਚ ਕੀਤੇ ਗਏ ਹਨ ਪੁਖਤਾ ਪ੍ਰਬੰਧ

ਚੰਡੀਗੜ੍ਹ, 1 ਅਕਤੂਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਤੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਅਗਵਾਈ ਵਿੱਚ ਸੂਬੇ ਦੀਆਂ ਸਾਰੀਆਂ ਮੰਡੀਆਂ ਵਿੱਚ ਪੁਖਤਾ ਪ੍ਰਬੰਧ ਕੀਤੇ ਗਏ ਹਨ, ਜਿੱਥੇ ਅੱਜ 2023-24 ਸੀਜ਼ਨ ਲਈ ਝੋਨੇ ਦੀ ਖਰੀਦ ਸ਼ੁਰੂ ਹੋ ਗਈ ਹੈ। ਇਹ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਕਿ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਕੋਈ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਖਰੀਦ ਤੇ ਚੁਕਾਈ (ਲਿਫਟਿੰਗ) ਦੀ ਸਮੁੱਚੀ ਪ੍ਰਕਿਰਿਆ ਨਿਰਵਿਘਨ ਢੰਗ ਨਾਲ ਨੇਪਰੇ ਚਾੜ੍ਹੀ ਜਾਵੇ।

ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਸਕੱਤਰ ਗੁਰਕੀਰਤ ਕਿਰਪਾਲ ਸਿੰਘ ਨੇ ਦੱਸਿਆ ਕਿ ਮੰਡੀਆਂ ਵਿੱਚ ਸਫਾਈ, ਪਾਣੀ ਅਤੇ ਪਖਾਨਿਆਂ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ।

ਸਕੱਤਰ ਨੇ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਕਿਸਾਨਾਂ ਵੱਲੋਂ ਹੱਡ-ਭੰਨਵੀਂ ਮਿਹਨਤ ਨਾਲ ਪੈਦਾ ਕੀਤੇ ਅਨਾਜ ਦੇ ਦਾਣੇ-ਦਾਣੇ ਦੀ ਖ਼ਰੀਦ ਕਰਨ ਤੋਂ ਇਲਾਵਾ ਫੌਰੀ ਲਿਫਟਿੰਗ ਨੂੰ ਯਕੀਨੀ ਬਣਾਉਣ ਲਈ ਵੀ ਪੂਰੀ ਤਰ੍ਹਾਂ ਵਚਨਬੱਧ ਹੈ।

ਕਿਸਾਨਾਂ ਨੂੰ ਜਿਣਸ (ਫਸਲ) ਦੀ ਅਦਾਇਗੀ ਕਰਨ ਦੇ ਮੱਦੇਨਜ਼ਰ ਸਕੱਤਰ ਨੇ ਕਿਹਾ ਕਿ ਭਾਵੇਂ ਕਿਸਾਨਾਂ ਦੇ ਖਾਤਿਆਂ ਵਿੱਚ 24 ਘੰਟੇ ਜਾਂ ਇਸ ਤੋਂ ਵੀ ਘੱਟ ਸਮੇਂ ਵਿੱਚ ਅਦਾਇਗੀ ਹੋ ਜਾਂਦੀ ਹੈ, ਪਰ ਅੱਜ (1 ਅਕਤੂਬਰ) ਅਤੇ ਕੱਲ੍ਹ (2 ਅਕਤੂਬਰ) ਨੂੰ ਛੁੱਟੀ ਹੋਣ ਕਰਕੇ ਬੈਂਕ ਬੰਦ ਹਨ, ਇਸ ਲਈ ਪਹਿਲੇ ਦਿਨ ਦੀ ਖਰੀਦ ਦੀ ਅਦਾਇਗੀ 3 ਅਕਤੂਬਰ ਨੂੰ ਕੀਤੀ ਜਾਵੇਗੀ। ਹਾਲਾਂਕਿ, ਬਿੱਲਾਂ ਨੂੰ ਤਿਆਰ ਕਰਵਾਉਣ ਸਬੰਧੀ ਸਾਰੀਆਂ ਪ੍ਰਕਿਰਿਆਵਾਂ ਪੂਰੀਆਂ ਕਰ ਲਈਆਂ ਗਈਆਂ ਹਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ 3 ਅਕਤੂਬਰ ਨੂੰ ਅਦਾਇਗੀਆਂ ਤੁਰੰਤ ਜਾਰੀ ਕੀਤੀਆਂ ਜਾ ਸਕਣ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਕੱਤਰ ਨੇ ਦੱਸਿਆ ਕਿ ਮੰਡੀ ਬੋਰਡ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਨੂੰ ਵੀ ਯਕੀਨੀ ਬਣਾ ਰਿਹਾ ਹੈ। ਕਿਸਾਨਾਂ ਦੇ ਫ਼ੋਨਾਂ ’ਤੇ ਜੇ-ਫਾਰਮ ਸਿੱਧਾ ਭੇਜਿਆ ਜਾਵੇਗਾ ਤਾਂ ਜੋ ਜੇ-ਫਾਰਮ ਲੈਣ ਲਈ ਦਫਤਰਾਂ ਦੇ ਚੱਕਰ ਕੱਢਣ ਤੋਂ ਬਚਿਆ ਜਾ ਸਕੇ। ਇਸ ਤੋਂ ਇਲਾਵਾ ਸ਼ੈਲਰ ਦੀ ਅਲਾਟਮੈਂਟ, ਰਜਿਸਟਰੇਸ਼ਨ ਅਤੇ ਲਿੰਕੇਜ ਸਬੰਧੀ ਕਾਰਵਾਈ ਮੁਕੰਮਲ ਕਰ ਲਈ ਗਈ ਹੈ ਅਤੇ ਹਰੇਕ ਮੰਡੀ ਨੂੰ ਇੱਕ ਸ਼ੈਲਰ ਨਾਲ ਜੋੜ ਦਿੱਤਾ ਗਿਆ ਹੈ।

ਸਕੱਤਰ ਨੇ ਅੱਗੇ ਦੱਸਿਆ ਕਿ ਕਿਸਾਨਾਂ ਨੂੰ ਚਾਹੀਦਾ ਹੈ ਕਿ ਉਹ ਨਮੀ ਖ਼ਤਮ ਹੋਣ ਤੋਂ ਬਾਅਦ ਹੀ ਮੰਡੀਆਂ ਵਿੱਚ ਆਪਣੀ ਫਸਲ ਲਿਆਉਣ ਕਿਉਂਕਿ ਨਮੀ ਦੀ ਮਾਤਰਾ ਫਸਲ ਦੇ ਸੁੱਕਣ ਵਿੱਚ ਬੇਲੋੜੀ ਦੇਰੀ ਦਾ ਕਾਰਨ ਬਣਦੀ ਹੈ, ਜਿਸ ਨਾਲ ਮੰਡੀਆਂ ਵਿੱਚ ਸੁਚੱਜੇ ਢੰਗ ਨਾਲ ਫਸਲ ਸਾਂਭਣ ਵਿੱਚ ਪਰੇਸ਼ਾਨੀ ਪੇਸ਼ ਆਉਂਦੀ ਹੈ।


REXDALE BODY SHOP
USED CAR SALE



CHEEMA
LOWEST PRICE IN TOWN
Towing Service Car Paint Starts $799*upto 100% Deductible Paid*

Specialization In:
★ All Kinds of Body Work
★ Auto Glass Windshield
★ Denting, Painting & Welding
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

SPECIAL PAINT JOB $779
RENTAL CAR PROVIDED



25 years of Canadian Experience
OPEN MON - SAT 9AM TO 7PM
Call Rick or Manminder Cheema: 416.749.9596 /416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

Office: 416-654-1010
Sutton
Sutton Group Security Real Estate Brokerage
2700 Dufferin St #47, Toronto ON M6B4J3



"For all your real estate needs"
Anabela Serra
Sales Representative
416-400-5825
anabelserra75@gmail.com





$1,149,000


98 JOHN ST E
Bradford West Gwillimbury, Ontario L3Z1G4
A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5



$1,089,000
A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8



$799,000
**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000
Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000
Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse,
DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# ਪੰਜਾਬ ਸਰਕਾਰ ਦੀਆਂ ਪੁਰਜ਼ੋਰ ਕੋਸ਼ਿਸ਼ਾਂ ਨਾਲ ਵਿਸ਼ਵ ਭਰ ਦੇ ਮੋਹਰੀ ਸਨਅਤਕਾਰਾਂ ਪੰਜਾਬ ਦਾ ਰੁਖ਼ ਕਰਨ ਲੱਗੇ : ਮੁੱਖ ਮੰਤਰੀ

## ਰਾਜਪੁਰਾ ਵਿੱਚ 138 ਕਰੋੜ ਰੁਪਏ ਦੀ ਲਾਗਤ ਨਾਲ ਬਣ ਰਹੇ ਨੀਦਰਲੈਂਡ ਆਧਾਰਤ ਕੈਟਲ ਫੀਡ ਪਲਾਂਟ ਦਾ ਨੀਂਹ ਪੱਥਰ ਰੱਖਿਆ

ਰਾਜਪੁਰਾ (ਪਟਿਆਲਾ), 1 ਅਕਤੂਬਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਹੈ ਕਿ ਸੂਬਾ ਸਰਕਾਰ ਦੀਆਂ ਕੋਸ਼ਿਸ਼ਾਂ ਨਾਲ ਦੁਨੀਆ ਭਰ ਦੇ ਮੋਹਰੀ ਸਨਅਤਕਾਰ ਹੁਣ ਸੂਬੇ ਦਾ ਰੁਖ਼ ਕਰਨ ਲੱਗੇ ਹਨ।

ਨੀਦਰਲੈਂਡ ਆਧਾਰਤ ਕੈਟਲ ਫੀਡ ਪਲਾਂਟ ਦਾ ਨੀਂਹ ਪੱਥਰ ਰੱਖਣ ਮਗਰੋਂ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਰਵਾਇਤੀ ਫ਼ਸਲਾਂ ਦੀ ਖੇਤੀ ਕਰ ਰਹੇ ਪੰਜਾਬ ਤੇ ਹਰਿਆਣਾ ਦੇ ਕਿਸਾਨ ਫ਼ਸਲੀ ਵਿਭਿੰਨਤਾ ਲਈ ਨਵੇਂ ਰਾਹ ਤਲਾਸ਼ ਰਹੇ ਹਨ ਜਾਂ ਉਹ ਬਿਹਤਰ ਕਮਾਈ ਲਈ ਬਾਗ਼ਬਾਨੀ, ਡੇਅਰੀ, ਮੁਰਗੀ ਪਾਲਣ, ਮੱਛੀ ਪਾਲਣ, ਸੂਰ ਪਾਲਣ ਅਤੇ ਹੋਰ ਕਿੱਤਿਆਂ ਵੱਲ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਸ਼ੂਆਂ ਦੀ ਫੀਡ ਬਣਾਉਣ ਵਾਲੀਆਂ ਦੁਨੀਆ ਭਰ ਦੀਆਂ ਮੋਹਰੀ 10 ਮੋਹਰੀ ਕੰਪਨੀਆਂ ਵਿੱਚੋਂ ਇਕ ਡੀ ਹਿਊਜ਼ ਨੇ ਇੱਥੇ ਪਲਾਂਟ ਸਥਾਪਤ ਕਰਨ ਜਾ ਰਹੀ ਹੈ ਅਤੇ 138 ਕਰੋੜ ਰੁਪਏ ਦੀ ਲਾਗਤ ਨਾਲ ਰਾਜਪੁਰਾ ਵਿੱਚ ਬਣ ਰਹੇ ਇਸ ਨਾਲ ਪਲਾਂਟ ਨਾਲ ਅਜਿਹੇ ਕਿਸਾਨਾਂ ਦੀਆਂ ਉਮੀਦਾਂ ਜਗੀਆਂ ਹਨ। ਭਗਵੰਤ ਸਿੰਘ ਮਾਨ ਨੇ ਉਮੀਦ ਜਤਾਈ ਕਿ ਬਿਹਤਰੀਨ ਤਕਨਾਲੋਜੀ ਆਉਣ ਨਾਲ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਨੀਦਰਲੈਂਡ ਦੀ ਕਿਸੇ ਇਕ ਕੰਪਨੀ ਦਾ ਪੰਜਾਬ ਵਿੱਚ ਪਹਿਲਾ ਵੱਡਾ ਨਿਵੇਸ਼ ਹੈ। ਉਨ੍ਹਾਂ ਕਿਹਾ ਕਿ ਨੀਦਰਲੈਂਡ ਨੂੰ ਵਿਸ਼ਵ ਭਰ ਵਿੱਚ ਖੇਤੀਬਾੜੀ ਉਤਪਾਦਾਂ ਦਾ ਸਭ ਤੋਂ ਵੱਡਾ ਬਰਾਮਦਕਾਰ ਮੰਨਿਆ ਜਾਂਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪਲਾਂਟ ਪਸ਼ੂਆਂ ਲਈ ਹਰੇਕ ਤਰ੍ਹਾਂ ਦੇ ਉਤਪਾਦ ਬਣਾਏਗਾ, ਜਿਨ੍ਹਾਂ ਵਿੱਚ ਕੰਪਾਊਂਡ ਫੀਡ, ਕਨਸਟਰੇਟਸ, ਬੇਸ ਮਿਕਸ ਤੇ ਡੇਅਰੀ ਮਿਨਰਲ ਮਿਕਸ ਸ਼ਾਮਲ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਪਲਾਂਟ ਦਾ ਪਹਿਲਾ ਪੜਾਅ ਸਾਲ 2025 ਦੀ ਪਹਿਲੀ ਤਿਮਾਹੀ ਤੱਕ ਮੁਕੰਮਲ ਹੋ ਜਾਵੇਗਾ, ਜਿਹੜਾ 180 ਕਿੱਲੋ ਮੀਟਰਿਕ ਟਨ ਪਸ਼ੂਆਂ ਦੀ ਫੀਡ ਤਿਆਰ ਕਰੇਗਾ। ਇਸ ਸਮਰੱਥਾ ਵਿੱਚ 240 ਕਿੱਲੋ ਮੀਟਰਿਕ ਟਨ ਤੱਕ ਵਾਧਾ ਕੀਤਾ ਜਾ ਸਕੇਗਾ। ਉਨ੍ਹਾਂ ਕਿਹਾ ਕਿ ਇਸ ਫੈਕਟਰੀ ਵਿੱਚ ਉਤਪਾਦਨ ਲਈ ਦੋ ਲਾਈਨਾਂ ਹੋਣਗੀਆਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਪਿਛਲੇ ਸਾਲ ਨਿਵੇਸ਼ ਲਿਆਉਣ ਦਾ ਭਰੋਸਾ ਦਿੱਤਾ ਸੀ ਅਤੇ ਸੂਬਾ ਸਰਕਾਰ ਦੇ ਯਤਨਾਂ ਨਾਲ ਹੁਣ ਸਨਅਤਕਾਰ ਪੰਜਾਬ ਵੱਲ ਆ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬੀ ਮੁੱਢ-ਕਦੀਮੋਂ ਉੱਦਮੀ ਅਤੇ ਲੀਡਰਸ਼ਿਪ ਦੇ ਗੁਣਾਂ ਨਾਲ ਭਰਪੂਰ ਹਨ, ਜਿਸ ਕਾਰਨ ਉਨ੍ਹਾਂ ਦੁਨੀਆ ਭਰ ਵਿੱਚ ਆਪਣੀ ਥਾਂ ਬਣਾਈ ਹੈ। ਉਨ੍ਹਾਂ ਕਿਹਾ ਕਿ ਪੰਜਾਬੀਆਂ ਦੀ ਮਿਹਨਤ ਦਾ ਕੋਈ ਜਵਾਬ ਨਹੀਂ ਹੈ, ਜਿਸ ਕਾਰਨ ਪੰਜਾਬੀ ਹਰੇਕ ਖ਼ੇਤਰ ਵਿੱਚ ਆਪਣੀ ਛਾਪ ਛੱਡਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਨੂੰ



ਤਰੱਕੀ ਦੀਆਂ ਬੁਲੰਦੀਆਂ ਉਤੇ ਪਹੁੰਚਾਉਣ ਲਈ ਇਸ ਉੱਦਮੀ ਭਾਵਨਾ ਦੀ ਢੁਕਵੀਂ ਵਰਤੋਂ ਲਈ ਹਰ ਸੰਭਵ ਕੋਸ਼ਿਸ਼ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦੇ ਯਤਨਾਂ ਨਾਲ ਹੁਣ ਤੱਕ ਪੰਜਾਬ ਵਿੱਚ 50840 ਕਰੋੜ ਰੁਪਏ ਦਾ ਨਿਵੇਸ਼ ਆਇਆ ਹੈ। ਉਨ੍ਹਾਂ ਕਿਹਾ ਕਿ ਟਾਟਾ ਸਟੀਲ ਨੇ ਜਮਸ਼ੇਦਪੁਰ ਤੋਂ ਬਾਅਦ ਪੰਜਾਬ ਵਿੱਚ ਸਭ ਤੋਂ ਵੱਡਾ ਨਿਵੇਸ਼ ਕੀਤਾ ਹੈ। ਉਨ੍ਹਾਂ ਨਾਲ ਹੀ ਆਖਿਆ ਕਿ ਜਿੰਦਲ ਸਟੀਲ, ਵਰਬੀਓ, ਕਲਾਸ, ਟੈਫੇ, ਹਿੰਦੋਸਤਾਨ ਲਿਵਰ ਤੇ ਹੋਰ ਕੰਪਨੀਆਂ ਵੀ ਪੰਜਾਬ ਵਿੱਚ ਨਿਵੇਸ਼ ਕਰ ਰਹੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨਾਲ ਪੰਜਾਬ ਦੇ 2.25 ਲੱਖ ਨੌਜਵਾਨਾਂ ਨੂੰ ਰੋਜ਼ਗਾਰ ਮਿਲੇਗਾ। ਉਨ੍ਹਾਂ ਕਿਹਾ ਕਿ ਇਹ ਪਲਾਂਟ ਉਨ੍ਹਾਂ ਦੇ ਮੂੰਹ ਉਤੇ ਵੱਡੀ ਚਪੇੜ ਹੈ, ਜਿਹੜੇ ਕਹਿੰਦੇ ਸੀ ਕਿ ਪੰਜਾਬ ਵਿੱਚ ਕੋਈ ਵੱਡਾ ਨਿਵੇਸ਼ ਨਹੀਂ ਹੋਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਹੁਣ ਸੂਬੇ ਕੋਲ ਉਦਯੋਗ ਪੱਖੀ ਸਿੰਗਲ ਵਿੰਡੋ ਸਿਸਟਮ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਹਿਲਾ ਇਹ ਸਿਸਟਮ ਸਿਰਫ਼ ਢਕਵੰਜ ਹੁੰਦਾ ਸੀ ਅਤੇ ਇਸ ਦੀ ਸਹੀ ਵਰਤੋਂ ਨਹੀਂ ਹੁੰਦੀ ਸੀ। ਉਨ੍ਹਾਂ ਕਿਹਾ ਕਿ ਪਹਿਲਾਂ ਐਮ.ਓ.ਯੂ. ਪਰਿਵਾਰਾਂ ਨਾਲ ਹੁੰਦੇ ਸਨ ਪਰ ਹੁਣ ਇਹ ਪੰਜਾਬ ਦੇ ਲੋਕਾਂ ਨਾਲ ਹੋ ਰਹੇ ਹਨ।

ਮੁੱਖ ਮੰਤਰੀ ਨੇ ਉਮੀਦ ਜਤਾਈ ਕਿ ਇਹ ਪਲਾਂਟ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਇਕ ਪ੍ਰੇਰਕ ਵਜੋਂ ਕੰਮ ਕਰੇਗਾ। ਲੋਕਾਂ ਨਾਲ ਆਪਣੀ ਭਾਵੁਕ ਸਾਂਝ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬੀਆਂ ਵਾਂਗ ਨੀਦਰਲੈਂਡ ਦੇ ਲੋਕ ਵੀ ਮਿਹਨਤੀ ਤੇ ਸਹਿਣਸ਼ੀਲ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦੋਵਾਂ ਮੁਲਕਾਂ ਦੇ ਲੋਕਾਂ ਦੀ ਮਦਦ ਨਾਲ ਆਰਥਿਕ ਵਿਕਾਸ ਦੀ ਇਕ ਨਵੀਂ ਕਹਾਣੀ ਲਿਖੀ ਜਾਵੇਗੀ।

ਮੁੱਖ ਮੰਤਰੀ ਨੇ ਆਸ ਪ੍ਰਗਟਾਈ ਕਿ ਇਹ ਸਨਅਤਕਾਰ ਸੂਬੇ ਨੂੰ ਵਿਸ਼ਵ ਭਰ ਵਿੱਚ ਸਨਅਤੀ ਹੱਬ ਵਜੋਂ ਉਭਾਰਨ ਲਈ ਬਰਾਂਡ ਅੰਬੈਸਡਰ ਸਾਬਤ ਹੋਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਵਿੱਚ ਸਨਅਤ ਪੱਖੀ ਅਨੁਕੂਲ ਮਾਹੌਲ ਪ੍ਰਦਾਨ ਕੀਤਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬੀ ਆਪਣੇ ਉੱਦਮੀ ਸੁਭਾਅ ਕਾਰਨ ਇਸ ਸਨਅਤੀ ਵਿਕਾਸ ਨੂੰ ਨਵੀਆਂ ਉਚਾਈਆਂ ਉਤੇ ਲੈ ਕੇ ਜਾਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਮੌਕਿਆਂ ਦੀ ਧਰਤੀ ਅਤੇ ਦੇਸ਼ ਦਾ ਪ੍ਰਵੇਸ਼ ਦੁਆਰ ਹੈ। ਉਨ੍ਹਾਂ ਕਿਹਾ ਕਿ ਦੁਨੀਆ ਭਰ ਦੇ ਕਾਰੋਬਾਰੀਆਂ ਨੂੰ ਸੂਬੇ ਵਿੱਚ ਨਿਵੇਸ਼ ਕਰ ਕੇ ਬੇਹੱਦ ਲਾਭ ਹੋਵੇਗਾ ਕਿਉਂਕਿ ਪੰਜਾਬ ਹੁਣ ਦੇਸ਼ ਦੇ ਸਨਅਤੀ ਧੁਰੇ ਵਜੋਂ ਤੇਜ਼ੀ ਨਾਲ ਤਰੱਕੀ ਕਰ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਿੱਚ ਪੂਰੀ ਤਰ੍ਹਾਂ ਫਿਰਕੂ ਸਦਭਾਵਨਾ, ਸਨਅਤਾ ਲਈ ਅਨੁਕੂਲ ਅਮਨ ਵਾਲਾ ਮਾਹੌਲ ਹੈ, ਜੋ ਸਨਅਤਾਂ ਦੇ ਸਮੁੱਚੇ ਵਿਕਾਸ, ਖ਼ੁਸ਼ਹਾਲੀ ਤੇ ਤਰੱਕੀ ਨੂੰ ਹੋਰ ਤੇਜ਼ੀ ਦੇ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਨਅਤਕਾਰਾਂ ਨੂੰ ਆਪਣੇ ਕਾਰੋਬਾਰ ਤੇ ਫੈਕਟਰੀਆਂ ਵਧਾਉਣ ਲਈ ਇਸ ਅਨੁਕੂਲ ਮਾਹੌਲ ਅਤੇ ਬਿਹਤਰੀਨ ਬੁਨਿਆਦੀ ਢਾਂਚੇ, ਬਿਜਲੀ, ਹੁਨਰਮੰਦ ਮਨੁੱਖੀ ਵਸੀਲਿਆਂ ਅਤੇ ਬਿਹਤਰੀਨ ਸਨਅਤੀ ਤੇ ਕੰਮਕਾਜੀ ਮਾਹੌਲ ਦਾ ਵੱਧ ਤੋਂ ਵੱਧ ਲਾਹਾ ਲੈਣਾ ਚਾਹੀਦਾ ਹੈ। ਉਦਯੋਗਪਤੀਆਂ ਦਾ ਸਵਾਗਤ ਕਰਦਿਆਂ ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਪੰਜਾਬ ਦੀ ਤਰੱਕੀ ਲਈ ਹਮੇਸ਼ਾ ਨਵੇਂ ਵਿਚਾਰਾਂ ਤੇ ਖੋਜਾਂ ਲਈ ਤਿਆਰ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਯਤਨਾਂ ਨਾਲ ਸੂਬਾ ਹਰੇਕ ਖ਼ੇਤਰ ਵਿੱਚ ਸਫ਼ਲਤਾ ਦੀ ਨਵੀਂ ਇਬਾਰਤ ਲਿਖ ਰਿਹਾ ਹੈ।




ਕੈਨੇਡੀਅਨ ਪੰਜਾਬੀ ਪੋਸਟ — Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ। ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ।
ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੈਨੇਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ।
ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# ਭ੍ਰਿਸ਼ਟ ਆਗੂਆਂ ਦੀ ਢਾਲ ਬਣਦਾ ਰਿਹਾ ਨਰਸਿਮਹਾ ਰਾਓ ਕੇਸ ਇੱਕ ਵਾਰ ਫਿਰ ਖੁੱਲ੍ਹਣ ਲੱਗੈ

ਜਤਿੰਦਰ ਪਨੂੰ ਦੀ ਕਲਮ ਤੋਂ



ਮੈਂ ਇਹ ਗੱਲ ਮੁੜ-ਮੁੜ ਕਹਿੰਦਾ ਆ ਰਿਹਾ ਹਾਂ ਕਿ ਨਿਆਂ ਪਾਲਿਕਾ ਲਈ ਮੇਰੇ ਮਨ ਵਿੱਚ ਬਹੁਤ ਸਤਿਕਾਰ ਇਸ ਲਈ ਹੈ ਕਿ ਇਹ ਭਾਰਤ ਦੇ ਕਿਸੇ ਵੀ ਆਮ ਆਦਮੀ ਲਈ ਆਸ ਦਾ ਆਖਰੀ ਦਰਵਾਜ਼ਾ ਹੁੰਦਾ ਹੈ। ਇਸ ਦੇ ਨਾਲ ਬਹੁਤ ਵਾਰੀਮੈਂ ਇਹ ਵੀ ਕਹਿ ਚੁੱਕਾ ਹਾਂ ਕਿ ਮੈਨੂੰ ਨਿਆਂ ਪਾਲਿਕਾ ਉੱਤੇ ਭਰੋਸਾ ਜ਼ਰੂਰ ਹੈ, ਪਰ ਪੂਰਨ ਭਰੋਸਾ ਨਹੀਂ ਕਿ ਇਹ ਹਮੇਸ਼ਾ ਠੀਕ ਕਰਦੀ ਹੈ ਅਤੇ ਇਹ ਕਰੇਗੀ ਵੀ। ਬਹੁਤ ਕੁਝ ਇਹੋ ਜਿਹਾ ਹੁੰਦਾ ਰਹਿੰਦਾ ਹੈ, ਜਿਹੜਾ ਸਾਡੇ ਵਿਸ਼ਵਾਸ ਦੇ ਤਿੜਕਣ ਦਾ ਕਾਰਨ ਬਣਦਾ ਹੈਤੇ ਵਾਰ-ਵਾਰ ਇਹੋ ਜਿਹੇ ਕੇਸ ਸਾਹਮਣੇ ਆਉਂਦੇ ਰਹਿੰਦੇ ਹਨ, ਜਿਹੜੇ ਇਹ ਸੋਚਣ ਤੇ ਕਹਿਣਲਈ ਮਜਬੂਰ ਕਰਦੇ ਹਨ ਕਿ ਜਿਸ ਦੀ ਪਹੁੰਚ ਕਰਨਜੋਗੀ ਸਮਰੱਥਾ ਹੈ, ਉਹ ਕਿਵੇਂ ਨਾ ਕਿਵੇਂ ਅਣਸੋਚੀ ਪਹੁੰਚ ਕਰਸਕਦਾ ਹੈ ਅਤੇ ਨਿਆਂ ਨੂੰ ਝਕਾਨੀ ਦੇ ਕੇ ਨਿਕਲ ਜਾਣ ਵਿੱਚ ਸਫਲ ਵੀ ਹੋ ਸਕਦਾ ਹੈ। ਇਸ ਵਾਰੀ ਸਾਨੂੰ ਇਹ ਗੱਲ ਕਹਿਣ ਦਾ ਮੌਕਾ ਉਸ ਮੁਕੱਦਮੇ ਨੇ ਦਿੱਤਾ ਹੈ, ਜਿਹੜਾ ਨਰਸਿਮਹਾ ਰਾਓ ਦੇ ਪ੍ਰਧਾਨ ਮੰਤਰੀ ਹੋਣ ਸਮੇਂ ਅਦਾਲਤ ਪਹੁੰਚ ਗਿਆ ਸੀ ਤੇ ਓਥੇ ਇੱਕ ਵਾਰੀ ਸਿਰੇ ਲੱਗਣ ਤੋਂ ਪੰਝੀ ਸਾਲ ਪਿੱਛੋਂ ਫਿਰ ਉੱਠ ਖੜੋਤਾ ਹੈ। ਕੇਸ ਮੁਕਾਇਆ ਵੀ ਸੁਪਰੀਮ ਕੋਰਟ ਨੇ ਸੀ, ਉਸ ਫੈਸਲੇ ਦੀ ਮੁੜ ਵਿਚਾਰ ਵੀ ਸਿਰਫ ਸੁਪਰੀਮ ਕੋਰਟ ਕਰ ਸਕਦੀ ਹੈ ਅਤੇ ਇਸ ਕੰਮ ਲਈ ਸੁਪਰੀਮ ਕੋਰਟ ਦਾ ਇੱਕ ਨਵਾਂ ਸੰਵਿਧਾਨਕ ਬੈਂਚ ਬਣਾਇਆ ਜਾਣ ਲੱਗਾ ਹੈ। 'ਇੱਕ ਹੋਰ ਨਵਾਂ ਬੈਂਚ'ਅਸੀਂ ਇਸ ਲਈ ਕਿਹਾ ਹੈ ਕਿ ਪਹਿਲਾਂ ਵੀ ਬਹੁਤ ਸਾਰੇ ਕੇਸਾਂ ਦੀ ਸੁਣਵਾਈ ਕਰਨ ਵਾਸਤੇ ਸੰਵਿਧਾਨਕ ਬੈਂਚ ਬਣੇ ਹੋਏ ਹਨ।

ਮਾਮਲਾ ਇਹ ਪਾਰਲੀਮੈਂਟ ਜਾਂ ਕਿਸੇ ਰਾਜ ਦੇ ਕਿਸੇ ਵੀ ਚੁਣੇ ਹੋਏ ਸਦਨ ਵਿੱਚ ਨੋਟ (ਪੈਸੇ) ਲੈਣ ਅਤੇ ਫਿਰ ਨੋਟਾਂ ਬਦਲੇ ਵੋਟ ਪਾਉਣ ਦੀ ਸੌਦੇਬਾਜ਼ੀ ਨਾਲ ਸੰਬੰਧਤ ਹੈ। ਇਸ ਦੀ ਸ਼ੁਰੂਆਤ ਨਰਸਿਮਹਾ ਰਾਓ ਦੇ ਵਕਤ ਹੋਈ ਸੀ, ਜਦੋਂ ਉਸ ਨੇ ਭਰੋਸੇ ਦਾ ਵੋਟ ਲੈਣਾ ਸੀ ਅਤੇ ਲੋਕ ਸਭਾ ਵਿੱਚ ਝਾਰਖੰਡ ਮੁਕਤੀ ਮੋਰਚਾ ਦੇ ਚਾਰ ਮੈਂਬਰਾਂ ਨੂੰ ਪੈਸਿਆਂ ਦੇ ਜ਼ੋਰ ਨਾਲ ਖਰੀਦ ਕੇ ਆਪਣੀ ਬੇੜੀ ਪਾਰ ਲਾ ਲਈ ਸੀ। ਪਿੱਛੋਂ ਝਾਰਖੰਡ ਮੁਕਤੀ ਮੋਰਚੇ ਦੇ ਇੱਕ ਮੈਂਬਰ ਸ਼ੈਲੇਂਦਰ ਮਾਹਤੋਨੇ ਆਪਣੀ ਪਾਰਟੀ ਨਾਲ ਨਾਰਾਜ਼ ਹੋ ਕੇ ਭਾਜਪਾ ਆਗੂ ਅਟਲ ਬਿਹਾਰੀ ਵਾਜਪਾਈ ਨੂੰ ਜਾ ਦੱਸਿਆ ਅਤੇ ਉਸ ਦੀ ਸਰਪ੍ਰਸਤੀ ਹੇਠ ਪ੍ਰੈੱਸ ਕਾਨਫਰੰਸ ਵਿੱਚ ਭੇਦ ਖੋਲ੍ਹ ਦਿੱਤਾ ਕਿ ਇੱਕ-ਇੱਕ ਕਰੋੜ ਰੁਪਏ ਲੈ ਕੇ ਉਨ੍ਹਾਂਨੇ ਵੋਟ ਵੇਚੀ ਸੀ। ਸਵਾਲ ਉਸ ਦੀ ਬਿਆਨਬਾਜ਼ੀ ਉੱਤੇ ਵੀ ਉੱਠ ਪਏ ਕਿ ਇਹ ਗੱਲ ਮੰਨਣ ਨਾਲ ਕਿ ਉਸ ਨੇ ਇੱਕ ਕਰੋੜ ਲੈ ਕੇ ਵੋਟ ਵੇਚੀ ਸੀ,ਉਸ ਨੂੰ ਜੇਲ੍ਹ ਹੋ ਸਕਦੀ ਹੈ, ਫਿਰ ਜੇ ਉਸ ਨੇ ਵੋਟ ਬਦਲੇ ਇੱਕ ਕਰੋੜ ਲਏ ਸਨ ਤਾਂ ਭੇਦ ਖੋਲ੍ਹ ਕੇ ਜੇਲ੍ਹ ਦਾ ਖਤਰਾ ਸਹੇੜਨ ਲਈ ਭਾਜਪਾ ਤੋਂ ਕਿੰਨੇ ਰੁਪਏ ਲਏ ਸਨ, ਪਰ ਇਹ ਗੱਲ ਰਹਿ ਗਈ ਤੇ ਕੇਸ ਉਸ ਉੱਤੇ ਬਣ ਗਿਆ। ਉਸ ਨਾਲ ਬਾਕੀ ਚਾਰ ਮੈਂਬਰ ਵੀ ਫਸ ਗਏ ਤੇ ਜਦੋਂ ਉਹ ਜੇਲ੍ਹ ਚਲੇ ਗਏ ਤਾਂ ਓਸੇ ਸ਼ੈਲੇਂਦਰ ਮਾਹਤੋ ਦੀ ਪਤਨੀ ਆਭਾ ਮਾਹਤੋ ਨੂੰ ਭਾਜਪਾ ਨੇ ਆਪਣੀ ਟਿਕਟ ਉੱਤੇ ਪਾਰਲੀਮੈਂਟ ਮੈਂਬਰ ਬਣਾ ਦਿੱਤਾ ਸੀ। ਕੇਸ ਚੱਲਿਆ ਤਾਂ ਪ੍ਰਧਾਨ ਮੰਤਰੀ ਰਹਿ ਚੁੱਕਾ ਨਰਸਿਮਹਾ ਰਾਉ ਵੋਟ ਖਰੀਦਣ ਦੇ ਕੇਸ ਵਿੱਚ ਫਸ ਗਿਆ ਤੇ ਉਸ ਨੂੰ ਤਿੰਨ ਸਾਲ ਦੀ ਕੈਦ ਹੋ ਗਈ। ਮਾਮਲਾ ਸੁਪਰੀਮ ਕੋਰਟ ਵਿੱਚ ਗਿਆ ਤਾਂ ਕੋਰਟ ਨੇ ਸਾਲ 1998 ਵਿੱਚ ਇਹ ਫੈਸਲਾ ਸੁਣਾ ਦਿੱਤਾ ਕਿ ਪਾਰਲੀਮੈਂਟ ਦੇ ਅੰਦਰ ਹੋਈ ਕਿਸੇ ਵੀ ਗੱਲ ਬਾਰੇ ਕੋਰਟ ਵਿੱਚ ਕੇਸ ਨਹੀਂ ਚੱਲ ਸਕਦਾ, ਇਸ ਲਈ ਨਰਸਿਮਹਾ ਰਾਓ ਵੀ ਛੁੱਟ ਗਿਆ ਤੇ ਜੋਟੀਦਾਰ ਵੀ ਛੁੱਟ ਗਏ।

ਉਸ ਤੋਂ ਬਾਅਦ ਵੀ ਇਹੋ ਜਿਹੇ ਕੇਸ ਕਈ ਵਾਰੀ ਆਏ ਸਨ ਤੇ ਹਰ ਵਾਰੀ ਦੋਸ਼ੀ ਛੁੱਟ ਜਾਂਦੇ ਰਹੇ ਸਨ। ਆਂਧਰਾ ਪ੍ਰਦੇਸ਼ ਵਿੱਚ ਵਿਧਾਨ ਪ੍ਰੀਸ਼ਦ ਦੀ ਚੋਣ ਵਿੱਚ ਇੱਕ ਵਾਰੀ ਇਹੋ ਕੁਝ ਹੋਇਆ ਸੀ ਤੇ ਨੋਟਾਂ ਬਦਲੇ ਵੋਟਾਂ ਖਰੀਦਣ ਦਾ ਕੇਸ ਅਦਾਲਤ ਵਿੱਚਗਿਆ ਸੀ। ਉਸ ਚੋਣ ਦਾ ਇੱਕ ਉਮੀਦਵਾਰ ਇੱਕ ਵਿਧਾਇਕ ਦੇ ਘਰ ਵੋਟ ਬਦਲੇ ਪੈਸੇ ਦੇਣ ਜਾਂਦਾ ਰੰਗੇ ਹੱਥੀਂ ਐਂਟੀ ਕੁਰੱਪਸ਼ਨ ਬਿਊਰੋ ਦੀ ਟੀਮ ਨੇ ਫੜ ਲਿਆ। ਅਦਾਲਤ ਵਿੱਚ ਸੁਣਵਾਈ ਵੇਲੇ ਉਸ ਨੇ ਇਹੀ ਦਲੀਲ ਦਿੱਤੀ ਕਿ ਇਹ ਕੇਸ ਨਰਸਿਮਹਾ ਰਾਓ ਦੇ ਕੇਸ ਵਾਂਗ ਹੈ ਅਤੇ ਇਸ ਬਾਰੇ ਇਹ ਕੇਸ ਨਹੀਂ ਚੱਲ ਸਕਦਾ। ਸਥਾਨਕ ਅਦਾਲਤ ਨੇ ਉਸ ਦੀ ਗੱਲ ਨਾ ਸੁਣੀ ਤਾਂ ਹਾਈ ਕੋਰਟ ਪਹੁੰਚ ਗਿਆ ਅਤੇ ਜਦੋਂ ਹਾਈ ਕੋਰਟ ਨੇ ਸਟੇਅ ਨਾ ਦਿੱਤਾ ਤਾਂ ਸੁਪਰੀਮ ਕੋਰਟ ਪਹੁੰਚ ਗਿਆ। ਉਸ ਪਿੱਛੋਂ ਉਹ ਕੇਸ ਵੀ ਕਈ ਹੋਰ ਕੇਸਾਂ ਵਾਂਗ ਰੌਲੇ-ਗੌਲੇ ਵਿੱਚ ਰੁਲ ਕੇ ਰਹਿ ਗਿਆ ਤੇ ਦੋਸ਼ੀ ਦਾ ਕੁਝਵਿਗੜਿਆ ਨਹੀਂ ਸੀ। ਸਾਰੇ ਦੋਸ਼ੀ ਇਸ ਲਈ ਛੁੱਟ ਗਏ ਸਨ ਕਿ ਸੁਪਰੀਮ ਕੋਰਟ ਨੇ ਨਰਸਿਮਹਾ ਰਾਓ ਕੇਸ ਵਿੱਚ ਇਹ ਫੈਸਲਾ ਦਿੱਤਾ ਹੋਇਆ ਸੀ ਕਿ ਚੁਣੇ ਹੋਏ ਸਦਨ ਅੰਦਰ ਭਾਵੇਂ ਜੋ ਕੁਝ ਵੀ ਹੁੰਦਾ ਰਹੇ, ਅਦਾਲਤ ਉਸ ਬਾਰੇ ਕਿਸੇ ਤਰ੍ਹਾਂ ਦੀ ਕਾਰਵਾਈ ਨਹੀ ਕਰੇਗੀ। ਏਦਾਂ ਹੀ ਕੁਝ ਹੋਰ ਕੇਸਾਂ ਵਿੱਚ ਏਦਾਂ ਦੀ ਦਲੀਲ ਕੰਮ ਆਉਂਦੀ ਰਹੀ ਸੀ। ਜਦੋਂ ਮਨਮੋਹਨ ਸਿੰਘ ਦੀ ਸਰਕਾਰ ਸੀ ਤਾਂ ਇੱਕ ਮੌਕੇ ਲੋਕ ਸਭਾ ਵਿੱਚ ਨੋਟਾਂ ਦੇ ਬੰਡਲ ਵਿਖਾ ਕੇ ਭਾਜਪਾ ਦੇ ਇੱਕ ਮੈਂਬਰ ਨੇ ਇਹ ਨਵਾਂ ਦਾਅਵਾ ਕਰ ਦਿੱਤਾ ਕਿ ਉਸ ਨੂੰ ਸਰਕਾਰ ਦੇ ਪੱਖ ਵਿੱਚ ਵੋਟ ਦੇਣ ਲਈ ਆਹ ਪੈਸੇ ਦਿੱਤੇ ਗਏ ਹਨ। ਇਹ ਕੇਸ ਵੀ ਅੱਗੇ ਨਹੀਂ ਸੀ ਤੁਰ ਸਕਿਆ, ਕਿਉਂਕਿ ਨਰਸਿਮਹਾ ਰਾਓ ਦੇ ਕੇਸ ਦਾ ਫੈਸਲਾ ਇਸ ਦਾ ਰਾਹ ਰੋਕੀ ਖੜੋਤਾ ਸੀ।

ਬਾਅਦ ਵਿੱਚ ਗੱਲ ਫਿਰ ਓਸੇ ਝਾਰਖੰਡ ਪਹੁੰਚ ਗਈ, ਜਿੱਥੋਂ ਦੇ ਝਾਰਖੰਡ ਮੁਕਤੀ ਮੋਰਚੇ ਵਾਲੇ ਚਾਰ ਪਾਰਲੀਮੈਂਟ ਮੈਂਬਰਾਂ ਵਿੱਚੋਂ ਇੱਕ ਸ਼ੈਲੇਂਦਰ ਮਾਹਤੋ ਨੇ ਆਪਣੀ ਪਾਰਟੀ ਦੀਆਂ ਲੋਕ ਸਭਾ ਵੋਟਾਂ ਵਿਕਣ ਦੀ ਗੱਲ ਕਹਿ ਕੇ ਨਰਸਿਮਹਾ ਰਾਓ ਨੂੰ ਵੀ ਫਸਾਇਆ ਸੀ ਤੇ ਆਪ ਵੀ ਜੇਲ੍ਹ ਪਹੁੰਚਗਿਆ ਸੀ। ਉਸੇ ਝਾਰਖੰਡ ਮੁਕਤੀ ਮੋਰਚੇ ਦੇ ਮੁਖੀ ਸ਼ਿੱਬੂ ਸੋਰੇਨ ਦੇ ਵੱਡੇ ਪੁੱਤਰ ਦੀ ਮੌਤ ਮਗਰੋਂ ਉਸ ਦੀ ਪਤਨੀ ਸੀਤਾ ਮੁਰਮੂ ਸੋਰੇਨ ਅੱਜਕੱਲ੍ਹ ਰਾਜਨੀਤੀ ਕਰ ਰਹੀ ਹੈ ਤੇ ਇਸ ਵੇਲੇ ਉਸ ਰਾਜ ਵਿੱਚ ਮੰਤਰੀ ਹੈ। ਉਸ ਉੱਤੇ ਕੁਝ ਸਾਲ ਪਹਿਲਾਂ ਦੋਸ਼ ਲੱਗ ਗਿਆ ਕਿ ਝਾਰਖੰਡ ਕੋਟੇ ਦੇਰਾਜ ਸਭਾ ਦੇ ਮੈਂਬਰਾਂ ਦੀ ਚੋਣ ਦੌਰਾਨ ਉਸ ਨੇ ਆਪਣੀ ਵੋਟ ਕਿਸੇ ਉਮੀਦਵਾਰ ਨੂੰ ਕਰੋੜਾਂ ਰੁਪਏ ਦੀ ਵੇਚੀ ਸੀ। ਇੱਕ ਉਮੀਦਵਾਰ ਨੇ ਉਸ ਨੂੰ ਪੈਸੇ ਪੁਚਾਏ ਤੇ ਉਹ ਪੈਸੇ ਸੀਤਾ ਸੋਰੇਨ ਦੇ ਘਰੋਂ ਜਾਂਚ ਕਰਤਿਆਂ ਨੇ ਲੱਭ ਲਏ। ਜਾਂਚ ਅੱਗੇ ਵਧਣ ਦੌਰਾਨ ਸੀਤਾ ਸੋਰੇਨ ਦਾ ਨਿੱਜੀ ਸਹਾਇਕ ਇਸ ਕੇਸਦਾ ਵਾਅਦਾ ਮੁਆਫ ਬਣ ਗਿਆ। ਕੁਝ ਦਿਨ ਬਾਅਦ ਉਹ ਗਵਾਹ ਗਾਇਬ ਹੋ ਗਿਆ ਤਾਂ ਉਸ ਦੀ ਪਤਨੀ ਨੇ ਸ਼ਿਕਾਇਤ ਕਰ ਦਿੱਤੀ ਕਿ ਸੀਤਾ ਸੋਰੇਨ ਨੇ ਉਸ ਨੂੰ ਅਗਵਾ ਕਰਵਾ ਦਿੱਤਾ ਹੈ, ਜਿਸ ਦੇ ਬਾਅਦ ਪੁਲਸ ਨੇ ਛਾਪਾ ਮਾਰਿਆ ਤਾਂ ਉਹ ਗਵਾਹ ਸੀਤਾ ਦੀ ਕੋਠੀ ਤੋਂ ਮਿਲ ਗਿਆ। ਇਸ ਨਾਲ ਕੇਸ ਹੋਰ ਵੀ ਗੰਭੀਰ ਹੋ ਗਿਆ ਤਾਂ ਸੀਤਾ ਸੋਰੇਨ ਦੇ ਖਿਲਾਫ ਵੋਟ ਬਦਲੇ ਨੋਟ ਲੈਣ ਦਾ ਕੇਸ ਹਾਈ ਕੋਰਟ ਵਿੱਚ ਪਹੁੰਚ ਕੇ ਪੁਰਾਣੇ ਨਰਸਿਮਹਾ ਰਾਓ ਕੇਸ ਨਾਲ ਜੁੜ ਗਿਆ। ਉਸ ਦੇ ਵਕੀਲ ਨੇ ਦਲੀਲ ਦਿੱਤੀ ਕਿ ਜਿੱਦਾਂ ਨਰਸਿਮਹਾ ਰਾਓ ਦੇ ਕੇਸ ਵਿੱਚ ਅਦਾਲਤ ਨੇ ਮੰਨਿਆ ਸੀ ਕਿ ਚੁਣੇ ਹੋਏ ਸਦਨ ਵਿੱਚ ਜੋ ਕੁਝ ਵਾਪਰਦਾ ਹੈ, ਅਦਾਲਤ ਉਸ ਵਿੱਚ ਦਖਲ ਨਹੀਂ ਦੇ ਸਕਦੀ, ਉਸੇ ਤਰ੍ਹਾਂ ਇਸ ਕੇਸ ਵਿੱਚ ਦਖਲ ਦੇਣ ਦਾ ਕੋਈ ਕਾਰਨ ਨਹੀਂ ਲੱਭਦਾ। ਏਥੋਂ ਕੇਸ ਸੁਪਰੀਮ ਕੋਰਟ ਵਿੱਚ ਪਹੁੰਚ ਗਿਆ ਤੇ ਓਥੇ ਇੱਕ ਵਕੀਲ ਨੇ ਚੇਤੇ ਕਰਵਾਇਆ ਕਿ ਨਰਸਿਮਹਾ ਰਾਓ ਕੇਸ ਬਾਰੇ ਸੁਪਰੀਮ ਕੋਰਟ ਦਾ ਫੈਸਲਾ ਵਿਵਾਦਤ ਸੀ ਤੇ ਦੋ ਜੱਜਾਂ ਮੁਕਾਬਲੇ ਤਿੰਨ ਜੱਜਾਂ ਦੀ ਬਹੁ-ਗਿਣਤੀ ਨੇ ਫੈਸਲਾ ਸੁਣਾਇਆ ਸੀ, ਸਰਬ ਸੰਮਤੀ ਦਾ ਨਹੀਂ ਸੀ, ਉਸ ਵਿੱਚ ਵੀ ਅੱਗੋਂ ਨਜ਼ਰਸਾਨੀ ਕਰਨ ਦੀ ਜ਼ਰੂਰਤ ਹੋ ਸਕਦੀ ਹੈ। ਇਹ ਬਹੁਤ ਵੱਡਾ ਮੋੜ ਸੀ, ਜਿੱਥੇ ਜਾ ਕੇ ਪੰਝੀ ਸਾਲ ਪੁਰਾਣਾ ਨਰਸਿਮਹਾ ਰਾਓ ਵਾਲਾ ਕੇਸ ਮੁੜ ਕੇ ਖੁੱਲ੍ਹਣ ਦੇ ਹਾਲਾਤ ਬਣਦੇ ਨਜ਼ਰ ਆਉਂਦੇ ਹਨ ਅਤੇ ਕੋਈ ਨਵਾਂ ਮੋੜ ਵੀ ਆ ਸਕਦਾ ਹੈ।

ਅਸੀਂ ਇਸ ਵਕਤ ਉਨ੍ਹਾਂ ਕੇਸਾਂ ਦੀ ਕਹਾਣੀ ਨਹੀਂ ਪਾਉਣਾ ਚਾਹੁੰਦੇ, ਜਿਨ੍ਹਾਂ ਵਿੱਚ ਹੇਠਲੀ ਅਦਾਲਤ ਨੇ ਜਿਸ ਤਰ੍ਹਾਂ ਦਾ ਫੈਸਲਾ ਦਿੱਤਾ, ਹਾਈ ਕੋਰਟ ਨੇ ਉਸ ਨੂੰ ਰੱਦ ਕਰ ਦਿੱਤਾ ਅਤੇ ਜਿਹੜਾ ਫੈਸਲਾ ਹਾਈ ਕੋਰਟ ਨੇ ਦਿੱਤਾ, ਉਹ ਬਾਅਦ ਵਿੱਚ ਸੁਪਰੀਮ ਕੋਰਟ ਵਿੱਚ ਨਹੀਂ ਟਿਕਿਆ। ਏਦਾਂ ਦੇ ਬਹੁਤ ਸਾਰੇ ਕੇਸ ਮਿਲ ਜਾਂਦੇ ਹਨ, ਜਿੱਥੇ ਇੱਕ ਅਦਾਲਤ ਦੇ ਜੱਜ ਸਾਹਿਬ ਦਾ ਉੱਚੀ ਅਦਾਲਤ ਨੇ ਫੈਸਲਾ ਹੀ ਨਹੀਂ ਬਦਲਿਆ, ਨਾਲ ਕਈ ਅਣਸੁਖਾਵੀਆਂ ਟਿਪਣੀਆਂ ਕੀਤੀਆਂ ਸਨ, ਪਰ ਇਹੋ ਜਿਹੇ ਜੱਜਾਂ ਦਾ ਬਹੁਤੀ ਵਾਰ ਕੁਝ ਵਿਗੜਦਾ ਨਹੀਂ ਵੇਖਿਆ। ਗਲਤ ਫੈਸਲਾ ਦੇਣ ਵਾਲਾ ਇੱਕ ਜੱਜ ਇਹ ਸਾਰਾ ਕੁਝ ਕਰਨ ਦੇ ਬਾਅਦ ਜਦੋਂ ਸੁੱਕਾ ਛੁੱਟ ਜਾਵੇ ਤਾਂ ਸਿਰਫ ਉਹੀ ਭਵਿੱਖ ਵਿੱਚ ਏਦਾਂ ਦੇ ਹੋਰ ਕੰਮ ਕਰਨ ਲਈ ਬੇਝਿਜਕ ਨਹੀਂ ਹੋ ਜਾਂਦਾ, ਓਸੇ ਵਾਂਗ ਕਈ ਹੋਰ ਜੱਜ ਵੀ ਇਹ ਸੋਚ ਕੇ ਇਸ ਤਰ੍ਹਾਂ ਕਰਨ ਲੱਗ ਸਕਦੇ ਹਨ ਕਿ ਜਿਵੇਂ ਉਸ ਦਾ ਕੱਖ ਨਹੀਂ ਵਿਗੜਿਆ, ਸਾਡਾ ਵੀ ਕੁਝ ਨਹੀਂ ਵਿਗੜਨਾ, ਉਤਲੀ ਅਦਾਲਤ ਨੇ ਚਾਰ ਟਿਪਣੀਆਂ ਕਰ ਲਈਆਂ ਹਨ ਤਾਂ ਕੋਈ ਫਰਕ ਨਹੀਂ ਪੈਂਦਾ। ਜਦੋਂ ਹਾਈ ਕੋਰਟਾਂ ਤੇ ਸੁਪਰੀਮ ਕੋਰਟ ਦੇ ਕੁਝ ਜੱਜਾਂ ਦੇ ਖਿਲਾਫ ਮਹਾਦੋਸ਼ ਵਰਗੀ ਕਾਰਵਾਈ ਲਈ ਕੁਝ ਕੇਸ ਇਸ ਦੇਸ਼ ਦੀ ਪਾਰਲੀਮੈਂਟ ਵਿੱਚ ਪਹੁੰਚੇ ਸਨ, ਓਦੋਂ ਵੀ ਇਹ ਚਰਚਾ ਚੱਲਦੀ ਰਹੀ ਕਿ ਜੇ ਗਲਤ ਕੰਮ ਕਰਦੇ ਜੱਜਾਂ ਦੇ ਖਿਲਾਫ ਖੁਦ ਉਤਲੀ ਨਿਆਂ ਪਾਲਿਕਾ ਇਸ ਤਰ੍ਹਾਂ ਦਾ ਕੋਈ ਵਿਹਾਰ ਮਿਥ ਲਵੇ ਕਿ ਜਿਸ ਫੈਸਲੇ ਦੇ ਪਿੱਛੇ ਗਲਤ ਨੀਤੀ ਕੰਮ ਕਰ ਰਹੀ ਦਿਖਾਈ ਦੇਵੇ, ਉਸ ਦੇ ਖਿਲਾਫ ਕੀ ਕਰਨਾ ਹੈ ਤਾਂ ਸੁਧਾਰ ਹੋ ਸਕਣ ਦੀ ਗੁੰਜਾਇਸ਼ ਹੈ।


ਦੂਸਰਾ ਪੱਖ ਰਾਜਸੀ ਲੀਡਰਾਂ ਦਾ ਹੈ, ਜਿਹੜੇ ਸੌ ਪਾਪ ਕਰ ਕੇ ਵੀ ਸੁੱਕਾ ਛੁੱਟ ਜਾਣ ਲਈ ਹੋਰ ਰਾਹ ਕੱਢ ਲੈਣ ਦੇ ਆਦੀ ਹਨ ਤੇ ਨਿਆਂ ਪਾਲਿਕਾ ਵਿੱਚ ਉਨ੍ਹਾਂ ਨਾਲ ਲਿਹਾਜਦਾਰੀ ਦਾ ਰਾਹ ਨਿਕਲ ਆਉਂਦਾ ਹੈ। ਪਾਰਲੀਮੈਂਟ ਵਿੱਚ ਜੋ ਕੁਝ ਵੀ ਹੁੰਦਾ ਰਹੇ, ਉਸ ਵਿੱਚ ਅਦਾਲਤ ਦਾ ਦਖਲ ਨਾ ਦੇਣ ਦੀ ਦਲੀਲ ਦੇ ਮੁਕਾਬਲੇ ਪੁੱਛਿਆ ਜਾ ਸਕਦਾ ਹੈ ਕਿ ਅੱਜਕੱਲ੍ਹ ਚੁਣੇ ਹੋਏ ਸਦਨਾਂ ਵਿੱਚ ਹੱਥੋ-ਪਾਈ ਹੋਣ ਦੀ ਨੌਬਤ ਆਉਣ ਲੱਗ ਪਈ ਹੈ, ਜੇ ਕੱਲ੍ਹ ਨੂੰ ਇਹੋ ਜਿਹੇ ਹਾਲਾਤ ਵਿੱਚ ਕਿਸੇ ਮੈਂਬਰ ਜਾਂ ਮੁਲਾਜ਼ਮ ਦਾ ਓਥੇ ਕਤਲ ਹੋ ਗਿਆ, ਕੀ ਅਦਾਲਤ ਫਿਰ ਵੀ ਦਖਲ ਨਾ ਦੇਵੇਗੀ! ਜੁਰਮ ਤਾਂ ਜੁਰਮ ਹੈ, ਕਿਸੇ ਵੀ ਥਾਂ ਹੋਇਆ ਹੋਵੇ, ਪੁਲਸ ਅਤੇ ਜਾਂਚ ਕਰਨ ਵਾਲੀਆਂ ਹੋਰ ਏਜੰਸੀਆਂ ਨੂੰ ਇਸ ਲਈ ਪੂਰੀ ਖੁੱਲ੍ਹ ਹੋਣੀ ਚਾਹੀਦੀ ਹੈ ਕਿ ਉਸ ਦੀ ਪੜਤਾਲ ਕਰ ਸਕਣ, ਕੋਈ ਰੋਕ ਨਹੀਂ ਹੋਣੀ ਚਾਹੀਦੀ। ਪਾਰਲੀਮੈਂਟ ਅਤੇ ਵਿਧਾਨ ਸਭਾ ਦੇ ਮੈਂਬਰਾਂ ਲਈ ਖੁੱਲ੍ਹ ਇਸ ਹੱਦ ਤੱਕ ਨਹੀਂ ਹੋਣੀ ਚਾਹੀਦੀ ਕਿ ਉਹ ਜੋ ਮਰਜ਼ੀ ਕਰੀ ਜਾਣ ਅਤੇ ਲੋਕਾਂ ਵਿੱਚ ਇਹ ਪ੍ਰਭਾਵ ਬਣੀ ਜਾਵੇ ਕਿ ਉਨ੍ਹਾਂ ਨੂੰ ਤਾਂ ਇੱਕ ਅਖਾਣਅਨੁਸਾਰ 'ਸੱਤ ਖੂਨ ਵੀ ਮਾਫ ਹਨ'। ਅਗਲੀ ਗੱਲ ਇਹ ਵੀ ਹੈ ਕਿ ਨਰਸਿਮਹਾ ਰਾਓ ਹੋਵੇ ਜਾਂ ਕੋਈ ਹੋਰ, ਜਿਹੜੇ ਆਗੂ ਵੋਟ ਬਦਲੇ ਨੋਟ ਵਾਲੇ ਕੇਸਾਂ ਵਿੱਚ ਫਸਦੇ ਸਨ, ਉਨ੍ਹਾਂ ਸਾਰਿਆਂ ਨੇ ਵੋਟ ਦੇ ਬਦਲੇ ਪੈਸੇ ਲੈਣ-ਦੇਣ ਵਾਲਾ ਕੰਮ ਪਾਰਲੀਮੈਂਟ ਜਾਂ ਵਿਧਾਨ ਸਭਾ ਦੀ ਬਿਲਡਿੰਗ ਦੇ ਅੰਦਰ ਤਾਂ ਕੀਤਾ ਨਹੀਂ ਸੀ। ਝਾਰਖੰਡ ਮੁਕਤੀ ਮੋਰਚਾ ਦੇ ਪਾਰਲੀਮੈਂਟ ਮੈਂਬਰਾਂ ਨੂੰ ਪ੍ਰਧਾਨ ਮੰਤਰੀ ਨਰਸਿਮਹਾ ਰਾਓ ਦੀ ਸਰਕਾਰੀ ਕੋਠੀ ਤੱਕ ਲਿਆਂਦਾ ਗਿਆ ਅਤੇ ਲੈਣ-ਦੇਣ ਓਥੇ ਹੋਇਆ ਸੀ। ਆਂਧਰਾ ਪ੍ਰਦੇਸ਼ ਤੋਂ ਵਿਧਾਨ ਪ੍ਰੀਸ਼ਦ ਮੈਂਬਰ ਬਣਨ ਲਈ ਵੋਟਾਂ ਦਾ ਸੌਦਾ ਵਿਧਾਨ ਸਭਾ ਬਿਲਡਿੰਗ ਤੋਂ ਬਾਹਰ ਇੱਕ ਵਿਧਾਇਕ ਦੇ ਘਰ ਹੋਇਆ ਸੀ ਤੇ ਪੈਸੇ ਦੇਣ ਜਾਂਦਾ ਉਮੀਦਵਾਰ ਫੜਿਆ ਵੀ ਉਸ ਦੇ ਦਰਵਾਜ਼ੇ ਤੋਂ ਸੀ। ਝਾਰਖੰਡ ਵਾਲੀ ਸੀਤਾ ਸੋਰੇਨ ਨੇ ਵੋਟ ਵੇਚਣ ਦਾ ਸੌਦਾ ਆਪਣੇ ਘਰ ਕੀਤਾ ਤੇ ਜਿਹੜੇ ਪੈਸੇ ਵਸੂਲੇ ਸਨ, ਜਾਂਚ ਕਰਤਿਆਂ ਨੇ ਉਹ ਪੈਸੇ ਵੀ ਸੀਤਾ ਦੀ ਕੋਠੀ ਵਿੱਚੋਂ ਫੜੇ ਸਨ। ਇਹ ਸਾਰੇ ਕੰਮ ਜਦੋਂ ਹਰ ਥਾਂ ਚੁਣੇ ਹੋਏ ਹਾਊਸ ਤੋਂ ਬਾਹਰ ਕੀਤੇ ਜਾ ਰਹੇ ਲੈਣ-ਦੇਣ ਵਾਲੇ ਸਨ ਤਾਂ ਅਦਾਲਤਾਂ ਵਿੱਚ ਜਾ ਕੇ ਹਾਊਸ ਵਿੱਚ 'ਕੁਝ ਵੀ ਹੁੰਦਾ' ਵਰਗੀ ਦਲੀਲ ਦਾ ਕੋਈ ਆਧਾਰ ਨਹੀਂ ਸੀ ਰਹਿੰਦਾ। ਹੈਰਾਨੀ ਦੀ ਗੱਲ ਹੈ ਕਿ ਨਰਸਿਮਹਾ ਰਾਓ ਵਾਲੇ ਕੇਸ ਵਿੱਚ ਉਸ ਨੂੰ ਤਿੰਨ ਸਾਲ ਦੀ ਸਜ਼ਾ ਹੋਣ ਦੇ ਬਾਅਦ ਸੁਪਰੀਮ ਕੋਰਟ ਵਿੱਚ ਕੇਸ ਪਹੁੰਚਿਆ ਤਾਂ ਦੋ ਜੱਜਾਂ ਦੀ ਠੀਕ ਰਾਏ ਦੇ ਉਲਟ ਤਿੰਨ ਜੱਜਾਂ ਦੀ ਅਸਲੋਂ ਨਾਜਾਇਜ਼ ਜਾਪਦੀ ਰਾਏ ਦੇ ਆਧਾਰ ਉੱਤੇ ਬਹੁ-ਗਿਣਤੀ ਦੇ ਫੈਸਲੇ ਨੇ ਨਰਸਿਮਹਾ ਰਾਓ ਵਰਗੇ ਭ੍ਰਿਸ਼ਟਾਚਾਰ ਕਰਨ ਵਾਲੇ ਆਗੂ ਨੂੰ ਛੁਡਾ ਦਿੱਤਾ ਅਤੇ ਉਸ ਕੇਸ ਦੇ ਬਾਅਦ ਹੋਰ ਕਈਆਂ ਦੇ ਬਚਣ ਦਾ ਰਾਹ ਵੀ ਖੋਲ੍ਹ ਦਿੱਤਾ ਸੀ।

ਇਸ ਵਕਤ ਜਦੋਂ ਉਹੋ ਕੇਸ ਫਿਰ ਸੁਪਰੀਮ ਕੋਰਟ ਵਿੱਚ ਪਹੁੰਚ ਗਿਆ ਹੈ, ਇਹ ਗੱਲ ਵੀ ਚੱਲ ਪਈ ਹੈ ਕਿ ਪੰਝੀ ਸਾਲ ਪਹਿਲਾਂ ਨਰਸਿਮਹਾ ਰਾਓ ਵਾਲੇ ਕੇਸ ਵਿੱਚ ਦਿੱਤਾ ਫੈਸਲਾ ਦੇਸ਼ ਵਿੱਚ ਭ੍ਰਿਸ਼ਟਾਚਾਰੀ ਸਿਆਸੀ ਆਗੂਆਂ ਦੇ ਬਚਾਅ ਦੀ ਢਾਲ ਵਰਗਾ ਬਣ ਗਿਆ ਹੈ ਤਾਂ ਆਸ ਰੱਖਣੀ ਚਾਹੀਦੀ ਹੈ ਕਿ ਉਹ ਫੈਸਲਾ ਨਹੀਂ ਰਹੇਗਾ। ਇਹ ਵੀ ਸਿਰਫ ਆਸ ਹੈ, ਯਕੀਨ ਨਹੀਂ ਕਿ ਏਦਾਂ ਹੀ ਹੋਵੇਗਾ। ਜਸਟਿਸ ਰੰਜਨ ਗੋਗੋਈ ਦੇ ਆਖਰੀ ਦਿਨਾਂ ਵਿੱਚ ਜਿਹੜੇ ਫੈਸਲੇ ਉਨ੍ਹਾਂ ਨੇ ਦਿੱਤੇ ਸਨ ਜਾਂ ਉਨ੍ਹਾਂ ਤੋਂ ਦਿਵਾਏ ਗਏ ਸਨ, ਉਨ੍ਹਾਂ ਨਾਲ ਭਾਰਤ ਦੀ ਨਿਆਂ ਪਾਲਿਕਾ ਦੇ ਅਕਸ ਨੂੰ ਏਦਾਂ ਦੀ ਢਾਹ ਲੱਗਦੀ ਵੇਖੀ ਗਈ ਹੈ ਕਿ ਭਵਿੱਖ ਦੇ ਫੈਸਲਿਆਂ ਬਾਰੇ ਬੇਯਕੀਨੀ ਵਾਲਾ ਮਾਹੌਲ ਜਾਪਦਾ ਹੈ। ਅਸੀਂ ਫਿਰ ਕਹਿਣਾ ਚਾਹੁੰਦੇ ਹਾਂ ਕਿ ਲੋਕਤੰਤਰ ਵਿੱਚ ਕਿਸੇ ਵੀ ਨਾਗਰਿਕ ਲਈ ਆਸ ਦਾ ਆਖਰੀ ਦਰਵਾਜ਼ਾ ਅਦਾਲਤ ਹੈ ਤੇ ਇਹ ਦਰਵਾਜ਼ਾ ਆਸ ਦਾ ਪ੍ਰਤੀਕ ਬਣਿਆ ਰਹਿਣਾ ਚਾਹੀਦਾ ਹੈ। ਇਹ ਕੰਮ ਸਿਰਫ ਨਿਆਂ ਪਾਲਿਕਾ ਕਰ ਸਕਦੀ ਹੈ, ਹੋਰ ਕੋਈ ਨਹੀਂ ਕਰ ਸਕਦਾ।

# ਜਸਵੀਰ ਸਿੰਘ ਆਹਲੂਵਾਲੀਆ ਦਾ ਕਹਾਣੀ ਸੰਗ੍ਰਹਿ 'ਦੋ ਕੱਪ ਚਾਹ' ਪਰਵਾਸੀ ਜੀਵਨ ਦੀ ਤ੍ਰਾਸਦੀ

-ਉਜਾਗਰ ਸਿੰਘ-


ਜਸਵੀਰ ਸਿੰਘ ਆਹਲੂਵਾਲੀਆ ਬਹੁ-ਪੱਖੀ ਸਾਹਿਤਕਾਰ ਹੈ। ਉਹ ਕਹਾਣੀਆਂ ਦੇ ਨਾਲ ਰੰਗ ਮੰਚ ਦਾ ਨਿਰਦੇਸ਼ਕ ਅਤੇ ਅਦਾਕਾਰ ਹੈ। ਉਸ ਦੇ ਹੁਣ ਤੱਕ ਤਿੰਨ ਸਾਂਝੇ ਕਹਾਣੀ ਸੰਗ੍ਰਹਿ ਪ੍ਰਕਾਸ਼ਤ ਹੋ ਚੁੱਕੇ ਹਨ ਪ੍ਰੰਤੂ 'ਦੋ ਕੱਪ ਚਾਹ' ਉਸ ਦਾ ਇਕੱਲਿਆਂ ਦਾ ਪਲੇਠਾ ਕਹਾਣੀ ਸੰਗ੍ਰਹਿ ਹੈ। ਇਹ ਕਹਾਣੀ ਸੰਗ੍ਰਹਿ ਵੀ ਬਹੁ ਰੰਗਾ ਹੈ ਕਿਉਂਕਿ ਇਸ ਸੰਗ੍ਰਹਿ ਦੀਆਂ ਕਹਾਣੀਆਂ ਦੇ ਵਿਸ਼ਿਆਂ ਦੇ ਅਨੇਕਾਂ ਰੰਗ ਦ੍ਰਿਸ਼ਟਾਂਤਿਕ ਰੂਪ ਵਿੱਚ ਸਾਹਮਣੇ ਆਉਂਦੇ ਹਨ। ਉਸ ਦੀਆਂ ਕਹਾਣੀਆਂ ਇਨਸਾਨੀ ਜੀਵਨ ਦਾ ਯਥਾਰਥ ਪੇਸ਼ ਕਰਦੀਆਂ ਹਨ। ਇਸ ਸੰਗ੍ਰਹਿ ਵਿੱਚ 16 ਕਹਾਣੀਆਂ ਹਨ, ਜਿਹੜੀਆਂ ਜ਼ਿੰਦਗੀ ਵਿੱਚ ਵਾਪਰਨ ਵਾਲੀਆਂ ਘਟਨਾਵਾਂ ਨਾਲ ਸੰਬੰਧਤ ਹਨ। ਇਸ ਲਈ ਇਹ ਕਹਾਣੀਆਂ ਹਰ ਪਾਠਕ ਨੂੰ ਆਪਣੇ ਨਾਲ ਵਾਪਰਦੀਆਂ ਘਟਨਾਵਾਂ ਲਗਦੀਆਂ ਹਨ। ਨਿੱਜੀ ਛੋਹ ਹੋਣ ਕਰਕੇ ਕਹਾਣੀਆਂ ਵਿੱਚ ਦਿਲਚਸਪੀ ਬਣੀ ਰਹਿੰਦੀ ਹੈ। ਆਧੁਨਿਕ ਪਾਠਕ ਦੀ ਲੋੜ ਅਨੁਸਾਰ ਇਹ ਦੋ ਕਹਾਣੀਆਂ ਨੂੰ ਛੱਡ ਕੇ ਬਹੁਤੀਆਂ ਲੰਬੀਆਂ ਨਹੀਂ ਸਗੋਂ ਦਰਮਿਆਨੇ ਦਰਜੇ ਦੀਆਂ ਹਨ। ਕੁਦਰਤ ਕੇ ਸਭ ਬੰਦੇ, ਇਸ਼ਾਰਾ ਅਤੇ ਮਿਸਿਜ਼ ਸੰਧੂ ਤਿੰਨ ਕਹਾਣੀਆਂ ਵਿੱਚ ਆਧੁਨਿਕ ਖ਼ੁਰਾਕ ਦੇ ਨਤੀਜੇ ਵਜੋਂ ਕੈਂਸਰ ਵਰਗੀ ਨਾਮੁਰਾਦ ਬਿਮਾਰੀ ਨਾਲ ਪਾਤਰਾਂ ਦੇ ਮਰਨ ਦਾ ਜ਼ਿਕਰ ਕੀਤਾ ਗਿਆ ਹੈ। ਜਸਵੀਰ ਸਿੰਘ ਆਹਲੂਵਾਲੀਆ ਨੂੰ ਸਮਾਜਿਕ ਸਰੋਕਾਰਾਂ ਦਾ ਪ੍ਰਤੀਨਿਧ ਕਹਾਣੀਕਾਰ ਕਿਹਾ ਜਾ ਸਕਦਾ ਹੈ। ਕਹਾਣੀਆਂ ਲਿਖਣ ਦਾ ਸ਼ੌਕ ਜਸਵੀਰ ਸਿੰਘ ਆਹਲੂਵਾਲੀਆ ਨੂੰ ਕਾਲਜ ਦੀ ਪੜ੍ਹਾਈ ਦੌਰਾਨ ਹੀ ਪੈਦਾ ਹੋ ਗਿਆ ਸੀ। ਖਾਲਸਾ ਕਾਲਜ ਅੰਮ੍ਰਿਤਸਰ ਦੇ ਮੈਗਜ਼ੀਨ ਵਿੱਚ ਉਸ ਦੀਆਂ ਕਹਾਣੀਆਂ ਪ੍ਰਕਾਸ਼ਤ ਹੁੰਦੀਆਂ ਰਹੀਆਂ ਹਨ। ਕਾਲਜ ਪੜ੍ਹਦਿਆਂ ਹੀ ਉਸ ਨੂੰ ਰੰਗ ਮੰਚ ਨਾਲ ਲਗਾਅ ਹੋ ਗਿਆ ਸੀ। ਉਹ ਵੱਡੇ ਨਾਟਕਕਾਰਾਂ ਭਾਅ ਗੁਰਸ਼ਰਨ ਸਿੰਘ ਦੀ ਅਗਵਾਈ ਵਿੱਚ ਨਾਟਕਾਂ ਵਿੱਚ ਅਦਾਕਾਰੀ ਕਰਦਾ ਰਿਹਾ। ਫਿਰ ਉਸ ਨੇ ਆਪਣੀ ਨਾਟ ਮੰਡਲੀ 'ਪੰਜਾਬ ਕਲਾ ਸੰਗਮ' ਬਣਾ ਲਈ ਸੀ। ਇਸ ਸੰਸਥਾ ਰਾਹੀਂ ਉਹ ਆਪਣਾ ਰੰਗ ਮੰਚ ਦਾ ਸ਼ੌਕ ਪੂਰਾ ਕਰਦਾ ਰਿਹਾ। ਫਿਰ ਉਹ ਆਸਟਰੇਲੀਆ ਚਲਾ ਗਿਆ, ਜਿਥੇ ਉਸ ਨੇ ਰੰਗ ਮੰਚ ਨਾਲ ਆਪਣਾ ਨਾਤਾ ਬਰਕਰਾਰ ਰੱਖਦਿਆਂ ਨਾਟਕਾਂ ਦੀ ਨਿਰਦੇਸ਼ਨਾ ਅਤੇ ਅਦਾਕਾਰੀ ਕਰਦਾ ਰਿਹਾ। ਆਸਟਰੇਲੀਆ ਪਹੁੰਚ ਕੇ ਉਸ ਨੇ ਜਿਹੜਾ ਪਰਵਾਸ ਦਾ ਦਰਦ ਹੰਢਾਇਆ ਉਸ ਨੂੰ ਆਪਣੀਆਂ ਕਹਾਣੀਆਂ ਦਾ ਵਿਸ਼ਾ ਬਣਾਇਆ ਹੈ। ਕਹਾਣੀ ਸੰਗ੍ਰਹਿ ਪੜ੍ਹਨ ਤੋਂ ਬਾਅਦ ਮਹਿਸੂਸ ਹੁੰਦਾ ਹੈ ਕਿ ਕਹਾਣੀਕਾਰ ਸਾਰੀਆਂ ਕਹਾਣੀਆਂ ਵਿੱਚ ਅੱਗੇ ਕੀ ਹੋਇਆ ਦੀ ਸਥਿਤੀ ਪੈਦਾ ਕਰਕੇ ਕਹਾਣੀਆਂ ਨੂੰ ਰੌਚਿਕ ਬਣਾਉਂਦਾ ਹੈ, ਜਿਸ ਕਰਕੇ ਪਾਠਕ ਕਹਾਣੀ ਪੂਰੀ ਪੜ੍ਹੀ ਬਿਨਾ ਛੱਡ ਨਹੀਂ ਸਕਦਾ। ਇਸ ਕਹਾਣੀ ਸੰਗ੍ਰਹਿ ਦੇ ਨਾਮ ਵਾਲੀ ਪਹਿਲੀ ਕਹਾਣੀ 'ਦੋ ਕੱਪ ਚਾਹ' ਬਹੁ-ਪਰਤੀ ਕਹਾਣੀ ਹੈ। ਇਸ ਨੂੰ ਮਨੋਵਿਗਿਆਨਕ ਕਹਾਣੀ ਕਿਹਾ ਜਾ ਸਕਦਾ ਹੈ ਕਿਉਂਕਿ ਇਹ ਕਹਾਣੀ ਇਨਸਾਨ ਦੀ ਇਕੱਲਤਾ ਦੇ ਸਮੇਂ ਮਾਨਸਿਕ ਅਵਸਥਾ ਦਾ ਬਾਖ਼ੂਬੀ ਪ੍ਰਗਟਾਵਾ ਕਰਦੀ ਹੈ। ਇਹ ਵੀ ਮਹਿਸੂਸ ਹੁੰਦਾ ਹੈ ਕਿ ਇਨਸਾਨ ਲਈ ਇਕੱਲਤਾ ਸਰਾਪ ਹੁੰਦੀ ਹੈ। ਉਸ ਸਰਾਪ ਨੂੰ ਦੂਰ ਕਰਨ ਲਈ ਮੁਹੱਬਤ ਦਾ ਜਾਮਾ ਪਹਿਨਾਉਣਾ ਇਨਸਾਨ ਦੀ ਕਮਜ਼ੋਰੀ ਬਣ ਜਾਂਦਾ ਹੈ। ਇਸਤਰੀ ਆਪਣੇ ਪਤੀ ਦੀ ਮੌਤ ਦਾ ਗ਼ਮ ਭੁਲਾਉਣ ਲਈ ਮਰਦ ਦਾ ਸਹਾਰਾ ਲੈਂਦੀ ਹੈ। ਉਡੀਕ ਤੇ ਉਤਸੁਕਤਾ ਜ਼ਿੰਦਗੀ ਨੂੰ ਤਰੋ ਤਾਜ਼ਾ ਕਰਦੇ ਹਨ। ਇਸੇ ਤਰ੍ਹਾਂ 'ਮੈਂ ਤੇ ਮਿਸਿਜ਼ ਸੰਧੂ' ਕਹਾਣੀ ਵੀ ਇਸਤਰੀ ਦੇ ਪਤੀ ਕਰਨਲ ਸੰਧੂ ਅਤੇ ਇਕ ਹੋਰ ਮਰਦ ਦੀ ਪਤਨੀ ਦੀ ਮੌਤ ਤੋਂ ਬਾਅਦ ਇਕੱਲਾਪਣ ਮਹਿਸੂਸ ਕਰਦੇ ਸੀ। ਦੋਵੇਂ ਕੈਂਸਰ ਦੀ ਬਿਮਾਰੀ ਨਾਲ ਸਵਰਗਵਾਸ ਹੋਏ ਸਨ। ਦੋਹਾਂ ਦੀ ਦੋਸਤੀ ਜ਼ਿੰਦਗੀ ਵਿੱਚ ਰੰਗੀਨਤਾ ਲਿਆਉਂਦੀ ਹੈ। 'ਕਾਰਜ ਆਇਆ ਰਾਸ' ਭਾਵੇਂ ਕਾਲਪਨਿਕ ਲੱਗਦੀ ਹੈ ਪ੍ਰੰਤੂ ਧਾਰਮਿਕ ਆਸਥਾ ਦਾ ਪ੍ਰਤੀਕ ਬਣਦੀ ਹੈ। 'ਹਵਾਈ ਫਾਇਰ' ਕਹਾਣੀ ਆਸਟਰੇਲੀਆ ਦੀ ਪੁਲਿਸ ਦੀ ਬਿਹਤਰੀਨ ਕਾਰਗੁਜ਼ਾਰੀ ਦਾ ਪਰਦਰਸ਼ਨ ਕਰਦੀ ਹੈ। 'ਇਮਾਨ' ਕਹਾਣੀ ਪੰਜਾਬ ਦੇ ਮਾੜੇ ਦਿਨਾ, ਭਰਿਸ਼ਟਾਚਾਰ ਅਤੇ ਧੋਖੇ ਫਰੇਬ ਦੇ ਹਾਲਾਤ ਬਾਰੇ ਜਾਣਕਾਰੀ ਪ੍ਰਦਾਨ ਕਰਦੀ ਹੈ। ਗੁਰਦੀਪ ਸਿੰਘ ਵਰਗੇ




'ਕੋਈ ਹਰਿਓ ਬੂਟ ਰਹਿਓ ਰੀ' ਦੀ ਤਰ੍ਹਾਂ ਹਨ, ਜਿਹੜੇ ਧੋਖਾ ਕਰਨ ਵਾਲੇ ਵਿਅਕਤੀ ਨੂੰ ਮੁਆਫ ਕਰਨ ਲਈ ਤਿਆਰ ਹਨ। ਇਸ਼ਾਰਾ ਕਹਾਣੀ ਵੀ ਕੈਂਸਰ ਵਰਗੀ ਨਾਮੁਰਾਦ ਬਿਮਾਰੀ ਨਾਲ ਮਿਸਿਜ਼ ਚੋਪੜਾ ਦੇ ਪਤੀ ਕਰਨਲ ਚੋਪੜਾ ਦੇ ਸਵਰਗਵਾਸ ਹੋਣ ਬਾਰੇ ਜਾਣਕਾਰੀ ਦਿੰਦੀ ਹੈ ਮਿਸਿਜ਼ ਚੋਪੜਾ ਅਤੇ ਨਿਤਿਨ ਵੀ ਦੋਵੇਂ ਇਕੱਲਤਾ ਦੇ ਮਰੀਜ਼ ਹਨ। ਦੋਵੇਂ ਦੋਸਤ ਬਣਕੇ ਜੀਵਨ ਬਸਰ ਕਰਨ ਬਾਰੇ ਸਚਦੇ ਹਨ। 'ਇਹ ਕੈਸੀ ਅੱਗ' ਕਹਾਣੀ ਆਸਟਰੇਲੀਆ ਵਿੱਚ ਗਰਮੀ ਦੇ ਮੌਸਮ ਦੌਰਾਨ ਕੁਦਰਤੀ ਅੱਗਾਂ ਲੱਗਣ ਨਾਲ ਹੋਣ ਬਾਰੇ ਨੁਕਸਾਨ ਦੀ ਜਾਣਕਾਰੀ ਦਿੰਦੀਆਂ ਅੱਗਾਂ ਤੋਂ ਪ੍ਰਭਾਵਤ ਲੋਕਾਂ ਨੂੰ ਸਮਾਜ ਅਤੇ ਸਰਕਾਰ ਮੁੜ ਵਸੇਬੇ ਲਈ ਆਰਥਕ ਮਦਦ ਕਰਦੇ ਹਨ ਪ੍ਰੰਤੂ ਭਾਰਤ ਵਿੱਚ ਧਾਰਮਿਕ ਕੱਟੜਤਾ ਕਰਕੇ ਦੰਗੇ, ਜਲਸੇ, ਜਲੂਸ ਅਤੇ ਅੱਗਾਂ ਲਗਾਈਆਂ ਜਾਂਦੀਆਂ ਹਨ। ਭਾਰਤ ਵਿੱਚ ਇਨਸਾਨ ਇਨਸਾਨ ਦਾ ਵੈਰੀ ਬਣਦਾ ਹੈ ਜਦੋਂ ਕਿ ਆਸਟਰੇਲੀਆ ਵਿੱਚ ਮਦਦਗਾਰ ਬਣਦਾ ਹੈ। ਭਾਰਤ ਦੀ ਵੱਧਦੀ ਆਬਾਦੀ ਬਾਰੇ ਵੀ ਕਹਾਣੀਕਾਰ ਚਿੰਤਾ ਕਰਦਾ ਹੈ, ਜਿਸ ਸੰਬੰਧੀ ਲੀਜ਼ਾ ਕੋਲੋਂ ਕਹਾਉਂਦਾ ਹੈ ਕਿ ਉਹ ਭੀੜ ਵੇਖਕੇ ਘਬਰਾ ਗਈ। 'ਕੈਫ਼ੇ ਵਾਲੀ ਜੈਸਿਕਾ' ਕਹਾਣੀ ਤਸਦੀਕ ਕਰਦੀ ਹੈ ਕਿ ਪਰਵਾਸ ਵਿੱਚ ਜ਼ਿੰਦਗੀ ਜਦੋਜਹਿਦ ਵਾਲੀ ਹੁੰਦੀ ਹੈ। ਪਰਵਾਸ ਵਿੱਚ ਵੀ ਮਾੜੀ ਸੋਚ ਵਾਲੇ ਕੁਝ ਲੋਕ ਰਹਿੰਦੇ ਹਨ ਜਿਹੜੇ ਲੜਕੀਆਂ ਨੂੰ ਗ਼ਲਤ ਨਜ਼ਰ ਨਾਲ ਵੇਖਦੇ ਹਨ। ਘੱਟ ਉਜਰਤ ਤੇ ਵਧੇਰੇ ਕੰਮ ਲੈਂਦੇ ਹਨ ਪ੍ਰੰਤੂ ਇਸ ਦੇ ਨਾਲ ਹੀ ਕਹਾਣੀਕਾਰ ਦੱਸਦਾ ਹੈ ਕਿ ਸੁਰਜੀਤ ਵਰਗੇ ਚੰਗੇ ਇਨਸਾਨ ਵੀ ਹੁੰਦੇ ਹਨ ਜਿਹੜੇ ਲੜਕੀਆਂ ਦੀ ਮਦਦ ਕਰਦੇ ਹਨ। ਜੈਸਿਕਾ ਵੱਲੋਂ ਸੁਰਜੀਤ ਦਾ ਮੋਬਾਈਲ ਮੋੜਨਾ ਇਮਾਨਦਾਰੀ ਦਾ ਪ੍ਰਤੀਕ ਹੈ। 'ਕਿਰਨਾ ਵਾਲਾ ਸੂਰਜ' ਕਹਾਣੀ ਸੰਸਾਰ ਵਿੱਚ ਹੜ੍ਹਾਂ ਦੀ ਤ੍ਰਾਸਦੀ ਦਾ ਜ਼ਿਕਰ ਕਰਦੀ ਹੈ ਤੇ ਬਚਪਨ ਦੀਆਂ ਯਾਦਾਂ ਤਾਜ਼ਾ ਕਰਵਾਉਂਦੀ ਹੈ ਕਿ ਬੱਚੇ ਕਿਵੇਂ ਡਰਦੇ ਸਨ। 'ਰਿਸਦੇ ਜ਼ਖ਼ਮ' ਕਹਾਣੀ ਭਾਰਤ ਵਿੱਚ ਇਮਾਨਦਾਰ ਤੇ ਸ਼ਰੀਫ ਇਨਸਾਨਾ ਨਾਲ ਹੋ ਰਹੀਆਂ ਵਧੀਕੀਆਂ ਬਾਰੇ ਜਾਣਕਾਰੀ ਦਿੰਦੀ ਹੈ। ਇਸ ਕਹਾਣੀ ਦਾ ਸਿੱਟਾ ਇਹ ਵੀ ਨਿਕਲਦਾ ਹੈ ਕਿ ਮੁਆਫ਼ੀ ਦੇਣ ਨਾਲ ਇਨਸਾਨ ਖੁਦ ਵੀ ਭਾਰ ਮੁਕਤ ਹੋ ਜਾਂਦਾ ਹੈ। 'ਸਰਦਾਰੋ' ਕਹਾਣੀ ਪੰਜਾਬ ਵਿੱਚ ਮਾਪਿਆਂ ਦੇ ਸਵਰਗਵਾਸ ਹੋ ਜਾਣ ਤੋਂ ਬਾਅਦ ਜਾਇਦਾਦਾਂ ਨੂੰ ਹੜੱਪਣ ਲਈ ਪਰਿਵਾਰਾਂ ਦੀ ਪ੍ਰਵਿਰਤੀ ਬਾਰੇ ਹੈ ਪ੍ਰੰਤੂ ਇਹ ਕਹਾਣੀ ਬਚਪਨ ਦੀਆਂ ਦੋਸਤੀਆਂ ਦੀ ਪਵਿਤਰਤਾ ਦਾ ਪ੍ਰਗਟਾਵਾ ਵੀ ਕਰਦੀ ਹੈ। 'ਅਸੀਂ ਜਾਣੀ ਜਾਣ ਹੁੰਦੇ ਹਾਂ' ਇਹ ਵੀ ਪੰਜਾਬ ਵਿੱਚ ਖੁੰਬਾਂ ਵਾਂਗੂੰ ਪੈਦਾ ਹੋਏ ਸਾਧਾਂ ਸੰਤਾਂ ਦੀ ਮਾਨਸਿਕਤਾ ਦਾ ਪ੍ਰਗਟਾਵਾ ਕਰਦੀ ਹੈ ਕਿ ਕਿਵੇਂ ਭੋਲੇ ਭਾਲੇ ਲੋਕਾਂ ਨੂੰ ਗੁੰਮਰਾਹ ਕਰਦੇ ਹਨ। ਪੰਜਾਬ ਵਿਚਲੀਆਂ ਹੇਰਾ ਫੇਰੀਆਂ ਤੋਂ ਇਲਾਵਾ ਪਰਵਾਸ ਵਿੱਚ ਜਾ ਕੇ ਵੀ ਆਪਣੇ ਚੇਲਿਆਂ ਰਾਹੀਂ ਅਮੀਰ ਲੋਕਾਂ ਤੋਂ ਪੈਸੇ ਹੜੱਪਦੇ ਹਨ। 'ਕੁਦਰਤ ਕੇ ਸਭ ਬੰਦੇ' ਕਹਾਣੀ ਵਿੱਚ ਜ਼ਾਤਪਾਤ ਅਤੇ ਨਸਲੀ ਵਿਤਕਰੇ ਦਾ ਖੰਡਨ ਕੀਤਾ ਗਿਆ ਹੈ। ਕ੍ਰਿਸ਼ਨ ਮੁਸਲਮਾਨ ਦੀ ਦੁਕਾਨ ਤੋਂ ਸੌਦਾ ਲੈਣ ਨੂੰ ਤਿਆਰ ਨਹੀਂ ਸੀ ਪ੍ਰੰਤੂ ਜਦੋਂ ਕੈਂਸਰ ਦੀ ਬਿਮਾਰੀ ਵਿੱਚ ਖ਼ੂਨ ਦੀ ਲੋੜ ਪਈ ਤਾਂ ਉਸ ਦੇ ਦਿਮਾਗ ਤੋਂ ਜ਼ਾਤਪਾਤ ਦਾ ਭੂਤ ਉਤਰ ਗਿਆ ਕਿਉਂਕਿ ਖ਼ੂਨ ਦੀ ਕੋਈ ਜਾਤ ਤੇ ਧਰਮ ਨਹੀਂ ਹੁੰਦਾ। 'ਤਿੰਨ ਬਲ ਰਹੇ ਸਿਵੇ' ਕਹਾਣੀ ਪਰਵਾਸ ਵਿੱਚ ਵੀ ਪੰਜਾਬੀਆਂ ਦੀ ਧੋਖੇ, ਫਰੇਬ ਅਤੇ ਵਿਸ਼ਵਾਸ਼ਘਾਤ ਦੀ ਪ੍ਰਵਿਰਤੀ ਬਾਰੇ ਜਾਣਕਾਰੀ ਦਿੰਦੀ ਹੈ। ਜਗਮੋਹਨ ਅਤੇ ਗੁਰਮੀਤ ਨੇ ਆਪਣੇ ਦੋਸਤ ਗੁਰ ਸੇਵਕ ਦੀ ਲੜਕੀ ਨੂੰ ਵਰਗਲਾ ਕੇ ਕੁਛੜ ਵਿੱਚ ਬਹਿ ਕੇ ਦਾੜ੍ਹੀ ਮੁੰਨੀ ਹੈ। ਇਸ ਕਹਾਣੀ ਤੋਂ ਇਹ ਵੀ ਪਤਾ ਲਗਦਾ ਹੈ ਕਿ ਪਰਵਾਸ ਵਿੱਚ ਬਾਲਗ ਬੱਚੇ ਮਾਂ ਪਿਓ ਨੂੰ ਵੀ ਟਿੱਚ ਸਮਝਦੇ ਹਨ। 'ਮੈਂ ਹੁਣ ਕਿਹਦੇ ਨਾਲ ਖੇਡਾਂਗੀ' ਪੰਜਾਬ ਵਿੱਚ ਇੰਦਰਾ ਗਾਂਧੀ ਦੇ ਕਤਲ ਤੋਂ ਬਾਅਦ ਦਿੱਲੀ ਅਤੇ ਹੋਰ ਸ਼ਹਿਰਾਂ ਵਿੱਚ ਸਿੱਖਾਂ ਦੇ ਹੋਏ ਕਤਲਾਂ ਦੀ ਦਾਸਤਾਂ ਹੈ। ਇਸ ਕਤਲ ਨੇ ਹਿੰਦੂਆਂ ਅਤੇ ਸਿੱਖਾਂ ਵਿੱਚ ਨਫ਼ਰਤ ਪੈਦਾ ਕਰ ਦਿੱਤੀ ਸੀ। ਹਾਲਾਂ ਕਿ ਜਨਰਲ ਸ਼ਰਮਾਂ ਨੂੰ ਹਰਟ ਅਟੈਕ ਹੋਣ 'ਤੇ ਸਿੱਖ ਗੁਆਂਢੀ ਨੇ ਉਸ ਦੀ ਜਾਨ ਬਚਾਈ ਸੀ ਪ੍ਰੰਤੂ ਜਨਰਲ ਸ਼ਰਮਾ ਦੀ ਪਤਨੀ ਕਮਲਾ ਸ਼ਰਮਾ ਸਿੱਖ ਪਰਿਵਾਰ ਦੀ ਲੜਕੀ ਨਾਲ ਹਿੰਦੂ ਬੱਚਿਆਂ ਨੂੰ ਖੇਡਣ ਤੋਂ ਰੋਕਦੀ ਹੈ। ਇਹ ਤ੍ਰਾਸਦੀ ਬੜੀ ਦੁਖਦਾਈ ਹੈ। ਨਸਲੀ ਵਿਤਕਰਾ ਬਰਕਰਾਰ ਰਿਹਾ। 'ਬੰਦ ਡੱਬਾ' ਕਹਾਣੀ ਬੀਨਾ ਅਤੇ ਜਗਤਾਰ ਦੇ ਜੀਵਨ ਸਾਥੀਆਂ ਦੀ ਮੌਤ ਤੋਂ ਬਾਅਦ ਇਕੱਲਾਪਣ ਦੂਰ ਕਰਨ ਲਈ ਜੀਵਨ ਬਸਰ ਕਰਨ ਲਈ ਦੋਸਤੀ ਜ਼ਰੂਰੀ ਵਿਖਾਈ ਗਈ ਹੈ।

128 ਪੰਨਿਆਂ, ਭਾਰਤ 200 ਰੁਪਏ, ਅਸਟਰੇਲੀਆ 15 ਡਾਲਰ ਕੀਮਤ, ਦਿਲਕਸ਼ ਰੰਗਦਾਰ ਮੁੱਖ ਕਵਰ ਵਾਲਾ ਕਹਾਣੀ ਸੰਗ੍ਰਹਿ ਨਾਨਕ ਪੁਸਤਕ ਮਾਲਾ ਅੰਮ੍ਰਿਤਸਰ ਵੱਲੋਂ ਪ੍ਰਕਾਸ਼ਤ ਕੀਤਾ ਗਿਆ ਹੈ।

# 1857 ਗਦਰ ਦੇ ਸੂਰਮੇ ਰਾਏ ਅਹਿਮਦ ਖ਼ਾਂ ਖਰਲ ਬਾਰੇ: ਧਰਮ ਸਿੰਘ ਗੋਰਾਇਆ ਦੀ ਨਵੀਂ ਖੋਜ ਭਰਪੂਰ ਕਿਤਾਬ : ਰਾਵੀ ਦਾ ਰਾਠ




ਪ੍ਰੋ. ਗੁਰਭਜਨ ਗਿੱਲ

ਸੂਰਮਿਆਂ ਦੀਆਂ ਵਾਰਾਂ ਸੂਰਮੇ ਹੀ ਲਿਖਦੇ ਨੇ। ਰਾਏ ਅਹਿਮਦ ਖ਼ਾਂ ਖਰਲ ਦੀ ਸੂਰਮਗਤੀ ਦੀ ਬਾਤ ਪਾ ਕੇ ਧਰਮ ਸਿੰਘ ਗੋਰਾਇਆ ਜੀ ਨੇ ਸੂਰਮਿਆਂ ਵਾਲਾ ਕਾਰਜ ਕੀਤਾ ਹੈ। ਧਰਤੀ ਦੀ ਮਰਯਾਦਾ ਤੇ ਅਣਖ਼ੀਲੀ ਵਿਰਾਸਤ ਦੀਆਂ ਸੋਨ-ਕਣੀਆਂ ਪਛਾਨਣ, ਲੱਭਣ ਤੇ ਬਣਾ ਸੰਵਾਰ ਕੇ ਪੇਸ਼ ਕਰਨ ਵਿੱਚ ਅਮਰੀਕਾ ਦੇ ਮੈਰੀਲੈਂਡ ਸੂਬੇ ਚ ਵੱਸਦੇ ਮੇਰੇ ਸਨੇਹੀ ਤੇ ਖੋਜੀ ਵਿਦਵਾਨ ਧਰਮ ਸਿੰਘ ਗੋਰਾਇਆ ਦਾ ਕੋਈ ਮੁਕਾ-ਬਲਾ ਨਹੀਂ।

ਗੁਰਦਾਸਪੁਰ ਜ਼ਿਲ੍ਹੇ ਦੇ ਕਸਬਾ ਕਲਾਨੌਰ ਨੇੜਲੇ ਪਿੰਡ ਰਸੀਂਹ ਕੇ ਮੀਰਾਂ ਦੇ ਜੰਮਪਲ ਧਰਮ ਸਿੰਘ ਗੋਰਾਇਆ ਨੂੰ ਵੱਡੇ ਵੀਰ ਤੇ ਅੰਤਰ ਰਾਸ਼ਟਰੀ ਪ੍ਰਸਿੱਧੀ ਪ੍ਰਾਪਤ ਅਰਥ ਸ਼ਾਸਤਰੀ ਸ੍ਵ. ਡਾਃ ਨਿਰਮਲ ਆਜ਼ਾਦ ਦੀ ਅਜਿਹੀ ਸੰਗਤ ਤੇ ਗੁੜ੍ਹਤੀ ਮਿਲੀ ਕਿ ਉਸਨੇ ਧਰਤੀ ਦੇ ਗੁਆਚੇ ਨਾਇਕਾਂ ਦੇ ਚਿਹਰਿਆਂ ਤੋਂ ਧੁੰਦ ਤੇ ਧੂੜ ਹਟਾਉਣ ਦਾ ਸ਼ੁਭ ਕਾਰਜ ਆਰੰਭਿਆ।

ਇਹ ਨਾਇਕ ਸਿਰਫ਼ ਸਾਂਝੇ ਪੰਜਾਬ ਦੇ ਹੀ ਨਹੀਂ ਸਗੋਂ ਅੰਤਰ ਰਾਸ਼ਟਰੀ ਪਛਾਣ ਵਾਲੇ "ਚੀ ਗੁਏਰਾ" ਵਰਗੇ ਗੁਰੀਲਾ ਯੁੱਧ ਦੇ ਮੋਢੀ ਸੂਰਮੇ ਵੀ ਹਨ। "ਅਣਖ਼ੀਲਾ ਧਰਤੀ ਪੁੱਤਰ "ਦੁੱਲਾ ਭੱਟੀ ਹੋਵੇ ਜਾਂ "ਰਾਵੀ ਦਾ ਰਾਠ"ਰਾਏ ਅਹਿਮਦ ਖਾਂ ਖ਼ਰਲ, ਜੱਗਾ ਸੂਰਮਾ ਹੋਵੇ ਜਾਂ ਕਾਮਰੇਡ ਤੇਜਾ ਸਿੰਘ ਸੁਤੰਤਰ, ਸਭ ਉਸਨੂੰ ਆਪਣੇ ਘਰ ਦੇ ਹੀ ਜੀਅ ਲੱਗਦੇ ਹਨ।

ਅਮਰੀਕਾ ਵੱਸਣ ਦੇ ਬਾਵਜੂਦ ਉਸ ਨੂੰ ਭਾਰਤ - ਪਾਕਿ-ਸਤਾਨ ਦੀ ਸਰਬ ਸਾਂਝੀ ਇਨਕਲਾਬੀ ਵਿਰਾਸਤ ਦਾ ਕਣ ਕਣ ਸਾਂਭਣ ਯੋਗ ਜਾਪਦਾ ਹੈ। ਰਾਏ ਅਹਿਮਦ ਖ਼ਾਂ ਖਰਲ ਬਾਰੇ

"ਰਾਵੀ ਦਾ ਰਾਠ" ਪੁਸਤਕ ਲਿਖ ਕੇ ਉਸ ਨੇ ਸਾਬਤ ਕਰ ਦਿੱਤਾ ਹੈ ਕਿ ਸਤਰੰਗੀ ਪੀਂਘ ਦੇ ਅੰਬਰ ਚ ਗੁਲੇਲ ਵਾਂਗ ਤਣੇ ਸੱਤ ਰੰਗ ਜੇ ਸਹਿ ਹੋਂਦ ਨਾਲ ਸਾਨੂੰ ਆਪਣੇ ਦਰਸ਼ਨਾਂ ਨਾਲ ਸਰਸ਼ਾਰ ਕਰ ਸਕਦੇ ਹਨ ਤਾਂ ਅਸੀਂ ਕਿਉਂ ਨਹੀਂ ਅਣਖ਼ਾਂ ਮੱਤੀ ਵਿਰਾਸਤੀ ਯਾਤਰਾ ਵਿੱਚ ਸਹਿਯਾਤਰੀ ਬਣ ਸਕਦੇ।

ਧਰਮ ਸਿੰਘ ਗੋਰਾਇਆ ਦੀਆਂ ਦੋ ਪੁਸਤਕਾਂ "ਅਣਖ਼ੀਲਾ ਧਰਤੀ ਪੁੱਤਰ" ਦੁੱਲਾ ਭੱਟੀ ਤੇ "ਰਾਵੀ ਦਾ ਰਾਠ" ਰਾਏ ਅਹਿਮਦ ਖ਼ਾਂ ਖਰਲ ਸਿਰਫ਼ ਗੁਰਮੁਖੀ ਵਿੱਚ ਹੀ ਨਹੀਂ ਸਗੋਂ ਮੁਹੰਮਦ ਆਸਿਫ਼ ਰਜ਼ਾ ਵੱਲੋਂ ਲਿਪੀਅੰਤਰ ਹੋ ਕੇ ਪਾਕਿਸਤਾਨ ਅੰਦਰ ਸ਼ਾਹਮੁਖੀ ਸਰੂਪ ਵਿੱਚ ਵੀ ਛਪੀ ਹੈ। ਇਹ ਵਧੀਆ ਯਤਨ ਹੈ।

1857 ਦੇ ਗਦਰ ਵਿੱਚ ਉੱਘਾ ਯੋਗਦਾਨ ਪਾਉਣ ਵਾਲੇ ਪੰਜਾਬੀ ਸੂਰਮੇ ਰਾਏ ਅਹਿਮਦ ਖ਼ਾਂ ਖਰਲ ਬਾਰੇ ਇਹ ਪੁਸਤਕ ਸਾਨੂੰ ਪੰਜਾਬੀ ਮਿੱਟੀ ਦੇ ਲੱਜਪਾਲ ਵਿਰਸੇ ਦੇ ਸਨਮੁਖ ਖੜ੍ਹਾ ਕਰਦੀ ਹੈ। ਇਹ ਪੁਸਤਕ ਇਸ ਸੂਰਮੇ ਬਾਰੇ ਹੋਰ ਵੱਧ ਜਾਨਣ ਲਈ ਆਧਾਰ ਪੁਸਤਕ ਬਣੇਗੀ, ਇਹ ਮੇਰਾ ਵਿਸ਼ਵਾਸ ਹੈ। ਮੈਨੂੰ ਮਾਣ ਹੈ ਕਿ ਇਸ ਪੁਸਤਕ ਨੂੰ ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਨੇ ਪ੍ਰਕਾਸ਼ਿਤ ਕੀਤਾ ਹੈ। ਸਿਰੜੀ ਖੋਜਕਾਰ ਧਰਮ ਸਿੰਘ ਗੋਰ-ਾਇਆ ਦੇ ਇਸ ਯਤਨ ਨੂੰ ਸਾਰਥਕ ਹੁੰਗਾਰਾ ਮਿਲੇਗਾ, ਇਸ ਗੱਲ ਦਾ ਮੈਨੂੰ ਸੰਪੂਰਨ ਵਿਸ਼ਵਾਸ ਹੈ।

# ਪੰਜਾਬ ਸਰਕਾਰ ਵੱਲੋਂ ਐਨ.ਐਮ.ਡੀ.ਐਫ.ਸੀ ਦੀਆਂ ਦੇਣਦਾਰੀਆਂ ਲਈ ਚਾਲੂ ਵਿੱਤੀ ਵਰ੍ਹੇ ਦੌਰਾਨ 25 ਕਰੋੜ ਰੁਪਏ ਦੀ ਰਾਸ਼ੀ ਜਾਰੀ



ਚੰਡੀਗੜ੍ਹ, 1 ਅਕਤੂਬਰ (ਗਿਆਨ ਸਿੰਘ):ਬੀਤੇ ਦਿਨੀਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੱਛੜੀਆਂ ਸ਼੍ਰੇਣੀਆਂ ਦਾ ਆਰਥਿਕ ਮਿਆਰ ਉੱਚਾ ਚੁੱਕਣ ਲਈ ਲਗਾਤਾਰ ਯਤਨਸ਼ੀਲ ਹੈ।

ਪੰਜਾਬ ਸਰਕਾਰ ਵੱਲੋਂ ਐਨ.ਐਮ.ਡੀ.ਐਫ.ਸੀ ਦੀਆਂ ਦੇਣਦਾਰੀਆਂ ਕਲੀਅਰ ਕਰਨ ਲਈ ਸਾਲ 2023-24 ਵਿੱਚ 25 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਹੈ।

ਸਮਾਜਿਕ ਨਿਆਂ ਅਧਿਕਾਰਤਾ ਤੇ ਘੱਟ ਗਿਣਤੀ ਮੰਤਰੀ ਡਾ ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਪੱਛੜੀਆਂ ਸ਼੍ਰੇਣੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ (ਬੈਕਫਿੰਕੋ) ਵੱਲੋਂ ਸਵੈ-ਰੋਜ਼ਗਾਰ ਸਕੀਮਾਂ ਲਈ ਘੱਟ ਵਿਆਜ਼ ਦਰਾਂ 'ਤੇ ਕਰਜ਼ੇ ਉਪਲੱਬਧ ਕਰਵਾਏ ਜਾਂਦੇ ਹਨ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਸਵੈ-ਰੋਜ਼ਗਾਰ ਸਕੀਮ ਸਾਲ 2017 ਤੋਂ ਨੈਸ਼ਨਲ ਕਾਰਪੋਰੇਸ਼ਨ (ਐਨ.ਐਮ.ਡੀ.ਐਫ.ਸੀ) ਦੀਆਂ ਦੇਣਦਾਰੀਆਂ ਵੱਧਣ ਕਰਕੇ ਉਨ੍ਹਾਂ ਵੱਲੋਂ ਸਾਲ 2017-18 ਤੋਂ ਬਾਅਦ ਟਰਮ ਲੋਨ ਦੀ ਕੋਈ ਵੀ ਰਾਸ਼ੀ ਰਲੀਜ ਨਹੀਂ ਕੀਤੀ ਗਈ ਸੀ। ਉਨ੍ਹਾਂ ਇਹ ਵੀ ਕਿਹਾ ਗਿਆ ਕਿ 2017 ਤੋਂ ਬਾਅਦ ਦੇਣਦਾਰੀਆਂ ਨੂੰ ਕਲੀਅਰ ਕਰਨ ਲਈ ਪਿਛਲੀਆਂ ਸਰਕਾਰਾਂ ਵੱਲੋਂ ਕੋਈ ਰਾਸ਼ੀ ਮੁਹੱਈਆ ਨਹੀਂ ਕਰਵਾਈ ਗਈ।

ਪੰਜਾਬ ਸਰਕਾਰ ਵੱਲੋਂ ਐਨ.ਐਮ.ਡੀ.ਐਫ.ਸੀ ਦੀਆਂ ਦੇਣਦਾਰੀਆਂ ਕਲੀਅਰ ਕਰਨ ਲਈ ਸਾਲ 2023-24 ਦੇ ਬਜਟ ਵਿੱਚ 25 ਕਰੋੜ ਰੁਪਏ ਦਾ ਉਪਬੰਧ ਕੀਤਾ ਗਿਆ ਹੈ। ਇਹ ਰਾਸ਼ੀ ਰਲੀਜ ਕਰਨ ਲਈ ਪੰਜਾਬ ਸਰਕਾਰ ਵੱਲੋਂ 29 ਸਤੰਬਰ 2023 ਨੂੰ ਸੈਕਸ਼ਨ ਜਾਰੀ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ।

ਡਾ ਬਲਜੀਤ ਕੌਰ ਨੇ ਦੱਸਿਆ ਕਿ ਬੈਕਫਿੰਕੋ ਵੱਲੋਂ ਇਸ ਨਾਲ ਪੰਜਾਬ ਰਾਜ ਦੇ ਘੱਟ ਗਿਣਤੀ ਵਰਗ ਦੇ ਲੋੜਵੰਦ ਵਿਅਕਤੀਆਂ ਨੂੰ ਸਵੈ-ਰੋਜਗਾਰ ਸ਼ੁਰੂ ਕਰਨ ਲਈ ਵੱਖ-ਵੱਖ ਧੰਦਿਆਂ ਜਿਵੇਂ ਕਿ ਡੇਅਰੀ ਫਾਰਮਿੰਗ, ਪੋਲਟਰੀ ਫਾਰਮਿੰਗ, ਸ਼ਹਿਦ ਦੀਆਂ ਮੱਖੀਆਂ ਪਾਲਨ, ਬਿਊਟੀ ਪਾਰਲਰ, ਟੇਲਰਿੰਗ, ਜਨਰਲ ਸਟੋਰ, ਇਲੈਕਟਰੀਕਲ ਸੇਲ ਅਤੇ ਰਿਪੇਅਰ ਆਦਿ ਅਧੀਨ 5 ਲੱਖ ਰੁਪਏ ਤੱਕ ਦੇ ਕਰਜੇ 6-8 ਪ੍ਰਤੀਸ਼ਤ ਸਾਲਾਨਾ ਵਿਆਜ ਦੀ ਦਰ 'ਤੇ ਮੁਹੱਈਆ ਕਰਵਾਏ ਜਾਣਗੇ। ਇਸ ਤੋਂ ਇਲਾਵਾ ਘੱਟ ਗਿਣਤੀ ਵਰਗ ਦੇ ਵਿਦਿਆਰਥੀਆਂ ਲਈ ਪ੍ਰਫੈਸ਼ਨਲ/ਟੈਕਨੀਕਲ ਐਜੂਕੇਸ਼ਨ, ਗ੍ਰੈਜੂਏਸ਼ਨ ਅਤੇ ਇਸ ਤੋਂ ਅੱਗੇ ਦੀ ਪੜ੍ਹਾਈ ਕਰਨ ਲਈ ਐਜੂਕੇਸ਼ਨ ਲੋਨ ਸਕੀਮ ਤਹਿਤ ਭਾਰਤ ਵਿੱਚ ਪੜ੍ਹਾਈ ਕਰਨ ਲਈ 20.00 ਲੱਖ ਰੁਪਏ ਤੱਕ ਅਤੇ ਵਿਦੇਸ਼ ਵਿੱਚ ਪੜ੍ਹਾਈ ਕਰਨ ਲਈ 30.00 ਲੱਖ ਰੁਪਏ ਤੱਕ ਦੇ ਕਰਜ਼ੇ 3-8% ਸਾਲਾਨਾ ਵਿਆਜ਼ ਦੀ ਦਰ ਤੇ ਦਿੱਤੇ ਜਾਣਗੇ।

ਉਨ੍ਹਾਂ ਦੱਸਿਆ ਕਿ ਬੈਕਫਿੰਕੋ ਐਨ.ਐਮ.ਡੀ.ਐਫ.ਸੀ ਦੇ ਸਹਿਯੋਗ ਨਾਲ ਪੰਜਾਬ ਰਾਜ ਵਿੱਚ ਘੱਟ ਗਿਣਤੀ ਵਰਗ ਦੀ ਭਲਾਈ ਲਈ ਕੰਮ ਕਰ ਰਹੀ ਹੈ।

ਮੰਤਰੀ ਨੇ ਅੱਗੇ ਦੱਸਿਆ ਕਿ ਇਸ ਸਕੀਮ ਦਾ ਲਾਭ ਘੱਟ ਗਿਣਤੀ ਵਰਗ ਦੇ ਵੱਧ ਤੋਂ ਵੱਧ ਵਿਅਕਤੀਆਂ ਨੂੰ ਦੇਣ ਲਈ ਜਾਗਰੂਕਤਾ ਕੈਂਪ ਵੀ ਲਗਾਏ ਜਾਣਗੇ।

## ਅੱਤਵਾਦੀ ਟਿਕਾਣੇ ਤੋਂ ਹਥਿਆਰ ਤੇ ਗੋਲਾ-ਬਾਰੂਦ ਬਰਾਮਦ

ਸ੍ਰੀਨਗਰ, 1 ਅਕਤੂਬਰ (ਪੋਸਟ ਬਿਊਰੋ): ਸੁਰੱਖਿਆ ਫੋਰਸਾਂ ਨੇ ਜੰਮੂ-ਕਸ਼ਮੀਰ ਦੇ ਕੁਪਵਾੜਾ ਜ਼ਿਲੇ ’ਚ ਅੱਤਵਾਦੀ ਟਿਕਾਣੇ ਦਾ ਪਰਦਾਫਾਸ਼ ਕਰ ਕੇ ਹਥਿਆਰ ਤੇ ਗੋਲਾ-ਬਾਰੂਦ ਬਰਾਮਦ ਕੀਤਾ ਹੈ। ਪੁਲਸ ਨੇ ਐਤਵਾਰ ਨੂੰ ਇਹ ਜਾਣਕਾਰੀ ਦਿੱਤੀ।ਪੁਲਸ ਨੇ ਦੱਸਿਆ ਕਿ ਕੁਪਵਾੜਾ ਪੁਲਸ ਅਤੇ ਭਾਰਤੀ ਫੌਜ ਵੱਲੋਂ ਚਲਾਈ ਗਈ ਸਾਂਝੀ ਮੁਹਿੰਮ ’ਚ ਮਾਛਲ ਦੇ ਪਾਸ਼ਮਾਰਗੀ ਇਲਾਕੇ ’ਚ ਹਥਿਆਰਾਂ ਅਤੇ ਗੋਲਾ-ਬਾਰੂਦ ਦਾ ਵੱਡਾ ਜਖ਼ੀਰਾ ਬਰਾਮਦ ਕੀਤਾ ਗਿਆ ਹੈ।



ਬਰਾਮਦ ਹਥਿਆਰ ਅਤੇ ਗੋਲਾ-ਬਾਰੂਦ ਕੰਟਰੋਲ ਰੇਖਾ (ਐੱਲ. ਓ. ਸੀ.) ਦੇ ਪਾਰੋਂ ਭਾਰਤੀ ਖੇਤਰ ’ਚ ਲਿਆਂਦਾ ਗਿਆ ਸੀ।

ਪੁਲਸ ਮੁਤਾਬਕ 30 ਸਤੰਬਰ ਨੂੰ ਇਲਾਕੇ ’ਚ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ ਗਈ ਸੀ। ਤਲਾਸ਼ੀ ਮੁਹਿੰਮ ਦੌਰਾਨ ਕੁਦਰਤੀ ਗੁਫਾ ’ਚੋਂ ਹਥਿਆਰ ਅਤੇ ਗੋਲਾ-ਬਾਰੂਦ ਬਰਾਮਦ ਕੀਤਾ ਗਿਆ, ਜਿਸ ਨੂੰ ਗੈਰ-ਕਾਨੂੰਨੀ ਢੰਗ ਨਾਲ ਕੰਟਰੋਲ ਰੇਖਾ (ਐੱਲ. ਓ. ਸੀ.) ਦੇ ਪਾਰੋਂ ਲਿਆਂਦਾ ਗਿਆ ਸੀ। ਹਥਿਆਰਾਂ ਦੇ ਜਖ਼ੀਰੇ ’ਚ 1 ਏ. ਕੇ. ਸੀਰੀਜ਼ ਦੀ ਰਾਈਫਲ, 4 ਏ. ਕੇ. ਮੈਗਜ਼ੀਨ, 2 ਯੂ. ਬੀ. ਜੀ. ਐੱਲ. (ਅੰਡਰ ਬੈਰਲ ਗ੍ਰੇਨੇਡ ਲਾਂਚਰ), 2 ਹੈਂਡ ਗ੍ਰੇਨੇਡ, 26 ਗ੍ਰੇਨੇਡ, 7.62 ਐੱਮ. ਐੱਮ. ਏ. ਕੇ. ਗੋਲਾ-ਬਾਰੂਦ ਦੇ 2088 ਰੌਂਦ, 1 ਸਾਈਲੈਂਸਰ (ਆਵਾਜ਼ ਨੂੰ ਦਬਾਉਣ ਵਾਲਾ ਯੰਤਰ) ਅਤੇ ਹੋਰ ਸਾਮਾਨ ਬਰਾਮਦ ਕੀਤਾ ਗਿਆ।

## ਭਾਰਤੀ ਹਵਾਈ ਫੌਜ ਦੇ ਹੈਲੀਕਾਪਟਰ ਦੀ ਮੱਧ ਪ੍ਰਦੇਸ਼ ’ਚ ਐਮਰਜੈਂਸੀ ਲੈਂਡਿੰਗ

ਭੋਪਾਲ, 1 ਅਕਤੂਬਰ (ਭਾਸ਼ਾ) ਭਾਰਤੀ ਹਵਾਈ ਫੌਜ ਦੇ ਇਕ ਜਹਾਜ਼ ਦੀ ਐਤਵਾਰ ਸਵੇਰੇ ਤਕਨੀਕੀ ਖਰਾਬੀ ਕਾਰਨ ਭੋਪਾਲ ਦੇ ਇਕ ਪਿੰਡ ਵਿਚ ਐਮਰਜੈਂਸੀ ਲੈਂਡਿੰਗ ਕੀਤੀ ਗਈ। ਜਹਾਜ਼ ਵਿਚ ਕੁਲ 6 ਵਿਅਕਤੀ ਸਵਾਰ ਸਨ। ਜਾਣਕਾਰੀ ਅਨੁਸਾਰ ਪਾਇਲਟ ਤੇ ਚਾਲਕ ਦਲ ਦੇ ਪੰਜੇ ਮੈਂਬਰ ਸੁਰੱਖਿਅਤ ਹਨ।



ਇਹ ਘਟਨਾ ਸਵੇਰੇ ਲਗਭਗ 8.45 ਵਜੇ ਹੋਈ। ਹਵਾਈ ਫੌਜ ਦੀ ਤੀਜੀ ਐੱਚ. ਯੂ. ਯੂਨਿਟ ਦੇ ਜਹਾਜ਼ ਨੂੰ ਭੋਪਾਲ ਜ਼ਿਲਾ ਹੈੱਡਕੁਆਰਟਰ ਤੋਂ ਲਗਭਗ 60 ਕਿਲੋਮੀਟਰ ਦੂਰ ਡੂੰਗਰੀਆ ਪਿੰਡ ਵਿਚ ਇਕ ਤਲਾਬ ਨੇੜੇ ਖੇਤ ਵਿਚ ਐਮਰਜੈਂਸੀ ਸਥਿਤੀ ’ਚ ਉਤਾਰਿਆ ਗਿਆ। ਤਕਨੀਕੀ ਗੜਬੜ ਦੂਰ ਕਰਨ ਲਈ ਹਵਾਈ ਫੌਜ ਦਾ ਇਕ ਦਲ ਘਟਨਾ ਵਾਲੀ ਥਾਂ ’ਤੇ ਪਹੁੰਚ ਗਿਆ। ਇਹ ਜਹਾਜ਼ ਭੋਪਾਲ ਤੋਂ ਝਾਂਸੀ ਜਾ ਰਿਹਾ ਸੀ।


URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com

MCNE | Chairman's Club Award (2021, 2018, 2015, 2014, 2013, 2012, 2011, 2010) | Platinum Club Award (2020-2018) (2018-2009) (REMAX International) | Lifetime Achievement Award (2014) | RE/MAX Hall of Fame (2010)

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)



ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੋਂ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)



ਐਂਡ ਯੁਨਿਟ ਕਾਨ੍ਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖ਼ੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)



ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)



ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।


FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC. REALTOR MLS MULTIPLE LISTING SERVICE
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.

Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT



Dr. Randhawa Dentistry



Your own dentist who really cares for you

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist

New Patients welcome
Deal Directly with all Insurance Companies


- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!



FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044








Grand Upholstery Ltd
Sofa Company Originality in Every Piece

Special on Sale


- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com


THE UNTOLD STORY OF
SHAHEED KARTAR SINGH SARABHA
PRESS CONFRENCE
COURTYARD BY MARRIOT BRAMPTON
OCTOBER 9TH - 5:00PM
90 BISCAYNE CRES., BRAMPTON ON L6W4S1
FOR MORE INFO CONTACT:
GURSHARAN MANN - 416-854-2923
DARKHAN PUNJAB
PRESENTS
ਸ਼ਹੀਦ ਕਰਤਾਰ ਸਿੰਘ ਸਰਾਭਾ
ਦੀ ਉਹ ਕਹਾਣੀ ਜੋ ਕਦੀ ਨਹੀਂ ਸੁਣਾਈ ਗਈ
SARABHA
A FILM BY KAVI RAZ
ਸਰਾਭਾ
PRODUCERS: ARVIND SINGLA | KULDEEP SHARMA | VEEPASHA KASHYAP | SARBJIT HUNDAL | ANIL UPPAL | ANIL YADAV | KAVI RAZ
AMRIT GREWAL SARABHA | JATINDER JAY MINHAS. STARRING: JAPTEJ SINGH | MUKUL DEV | KAVI RAZ | KANWAR GREWAL | JASBIR JASSI
PRITHVI RAAJ SINGH SIDHU JASPINDER CHEEMA | MALKEET RAUNI | MAHABIR BHULLAR | MALKIAT MEET | ANKUR RATHEE
SUMEND WANKHANDE | GURPREET RATOL | AMANINDER DHILLON | SAMEER SHARMA | AKAASH YADAV | SHARHAAN SINGH | KABIR GILL
DARREN TASSELL | ALEX REECE | SPECIAL APPEARANCE: JOBANPREET SINGH. EXECUTIVE PRODUCER: SWARAN SINGH
DIRECTOR OF PHOTOGRAPHY (INDIA): INDERJIT BANSEL | (USA): AARON C SMITH
MUA: REGINA SCHIMER | COSTUME DESIGNER: SUNNY BINNING | PRODUCTION DESIGNER: ASHISH KAUSHAL
EDITOR: HARPER GAHUNIA | BACKGROUND SCORE: SHEZAN SHEIKH | MUSIC BY: ONKAR MINHAS | SAAJID SALAAM | DYA SINGH.
FIRST ASSIT. DIRECTOR: VICKEY KADAM | ASSIT. DIRECTOR: MALKIAT MEET | PUBLICITY DESIGNER: MILROY GOES
WRITTEN & DIRECTED BY KAVI RAZ
PUNJABI SHARKAN TV
SIKHlens
CROWN
Distribution Partner
AMRIT GREWAL SARABHA
MINHAS
INNOVISION
RELEASING WORLDWIDE IN CINEMAS
3RD NOVEMBER 2023

LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017